ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 24 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੧੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਹੇਮਕੁੰਟ ਸਾਹਿਬ ਯਾਤਰਾ ਦੌਰਾਨ 7 ਲੋਕਾਂ ਦੀ ਮੌਤ ਦੇ ਮਾਮਲੇ ’ਚ ਪਰਿਵਾਰਾਂ ਨੂੰ ਮਿਲੇਗਾ 4.20 ਕਰੋੜ ਰੁਪਏ ਮੁਆਵਜ਼ਾ

**ਚੰਡੀਗੜ੍ਹ, 23 ਮਈ (ਆਵਾਜ਼ਿ ਕੌਮ ਬਿਊਰੋ)**-ਹੇਮਕੁੰਟ ਸਾਹਿਬ ਯਾਤਰਾ ਦੌਰਾਨ 7 ਲੋਕਾਂ ਦੀ ਮੌਤ ਦੇ ਮਾਮਲੇ ’ਚ ਪੀੜਤ ਪਰਿਵਾਰਾਂ ਨੂੰ 4.20 ਕਰੋੜ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇਗਾ। ਦੱਸ ਦਈਏ ਕਿ 6 ਸਾਲ ਪਹਿਲਾਂ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ, 28 ਸਤੰਬਰ, 2019 ਨੂੰ, ਟ੍ਰਾਈਸਿਟੀ ਦੇ 7 ਲੋਕਾਂ ਦੇ ਇੱਕ ਟੈਂਪੂ ਟ੍ਰੈਵਲ ‘ਤੇ ਚੱਟਾਨ ਡਿੱਗਣ ਕਾਰਨ ਮੌਤ ਹੋ ਗਈ ਸੀ। ਇਸ ਮਾਮਲੇ ਵਿੱਚ, ਚੰਡੀਗੜ੍ਹ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਨੇ ਪੰਜ ਮ੍ਰਿਤਕਾਂ ਦੇ ਪਰਿਵਾਰਾਂ ਨੂੰ 4.20 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦੇ ਹੁਕਮ ਜਾਰੀ ਕੀਤੇ ਹਨ। ਸਾਰਿਆਂ ਨੇ ਇਸ ਮਾਮਲੇ ਵਿੱਚ ਵੱਖ-ਵੱਖ ਕੇਸ ਦਾਇਰ ਕੀਤੇ ਸਨ। ਸਭ ਤੋਂ ਵੱਧ ਮੁਆਵਜ਼ਾ ਖਰੜ ਨਿਵਾਸੀ ਤੇਜਿੰਦਰ ਸਿੰਘ ਨੂੰ ਦਿੱਤਾ ਜਾਵੇਗਾ। ਉਹ ਓਮੈਕਸ ਕੰਪਨੀ ਵਿੱਚ ਤਾਇਨਾਤ ਸੀ। ਉਸਦੀ ਤਨਖਾਹ 2.26 ਲੱਖ ਰੁਪਏ ਪ੍ਰਤੀ ਮਹੀਨਾ ਸੀ। ਹਾਦਸੇ ਸਮੇਂ ਉਹ 55 ਸਾਲ ਦੇ ਸਨ। ਅਜਿਹੀ ਸਥਿਤੀ ਵਿੱਚ, ਪੂਰੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ, ਟ੍ਰਿਬਿਊਨਲ ਨੇ 1.20 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦਾ ਹੁਕਮ ਦਿੱਤਾ ਹੈ। ਬਾਕੀ ਮ੍ਰਿਤਕਾਂ ਦੇ ਪਰਿਵਾਰਾਂ ਨੂੰ 60 ਲੱਖ ਤੋਂ 80 ਲੱਖ ਰੁਪਏ ਦੇ ਵਿਚਕਾਰ ਭੁਗਤਾਨ ਕੀਤਾ ਜਾਵੇਗਾ। ਪਿੰਜੌਰ ਪੰਚਕੂਲਾ ਦੇ ਰਮੇਸ਼ ਕੁਮਾਰ (44) ਨੂੰ 70.47 ਲੱਖ ਰੁਪਏ, ਪਿੰਡ ਜਯੰਤੀ ਮਾਜਰੀ ਮੋਹਾਲੀ ਦੇ ਗੁਰਦੀਪ ਸਿੰਘ (35) ਨੂੰ 66.73 ਲੱਖ ਰੁਪਏ, ਨਯਾਗਾਓਂ ਮੋਹਾਲੀ ਦੇ ਸੁਰਿੰਦਰ ਕੁਮਾਰ (41) ਨੂੰ 88.80 ਲੱਖ ਰੁਪਏ ਅਤੇ ਪਿੰਡ ਸਰਸੈਣੀ ਮੋਹਾਲੀ ਦੇ ਗੁਰਪ੍ਰੀਤ ਸਿੰਘ (33) ਨੂੰ 73.93 ਲੱਖ ਰੁਪਏ ਮਿਲਣਗੇ।

## ਭ੍ਰਿਸ਼ਟਾਚਾਰ ਦੇ ਮਾਮਲੇ ’ਚ ਵਿਜੀਲੈਂਸ ਦਾ ਵੱਡਾ ਐਕਸ਼ਨ

# ‘ਆਪ’ ਵਿਧਾਇਕ ਰਮਨ ਅਰੋੜਾ ਗ੍ਰਿਫ਼ਤਾਰ !

**ਜਲੰਧਰ, 23 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਆਮ ਆਦਮੀ ਪਾਰਟੀ ਪੰਜਾਬ ਦੇ ਵਿਧਾਇਕ ਰਮਨ ਅਰੋੜਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਰਮਨ ਅਰੋੜਾ ਨੂੰ ਵਿਜੀਲੈਂਸ ਵੱਲੋਂ ਉਨ੍ਹਾਂ ਦੇ ਘਰ ਛਾਪੇਮਾਰੀ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ। ਦੱਸ ਦਈਏ ਕਿ ਇਸਤੋਂ ਪਹਿਲਾਂ ਅਰੋੜਾ ਦੇ ਘਰ ਵਿਜੀਲੈਂਸ ਵੱਲੋਂ ਪਿਛਲੇ ਦਿਨੀ ਗ੍ਰਿਫ਼ਤਾਰ ਕੀਤੇ ਗਏ ਨਗਰ ਨਿਗਮ ਜਲੰਧਰ ਦੇ ਅਧਿਕਾਰੀ ਸੁਖਦੇਵ ਵਿਸ਼ਿਸ਼ਟ ਏਟੀਪੀ ਦੇ ਨਾਲ ਸਬੰਧਤ ਸੰਬੰਧਿਤ ਮਾਮਲੇ ਵਿੱਚ ਛਾਪੇਮਾਰੀ ਕੀਤੀ ਸੀ, ਜਿਸ ਤੋਂ ਬਾਅਦ ਇਹ ਗ੍ਰਿਫ਼ਤਾਰੀ ਹੋਈ। ਜਾਣਕਾਰੀ ਅਨੁਸਾਰ ਰਮਨ ਅਰੋੜਾ, ਜਲੰਧਰ ਸੈਂਟਰਲ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਹਨ। ‘ਆਪ’ ਨੇਤਾ ਅਤੇ ਸੀਵਰੇਜ ਬੋਰਡ ਦੇ ਚੇਅਰਮੈਨ ਸੰਨੀ




ਆਹਲੂਵਾਲੀਆ ਨੇ ਕਿਹਾ ਕਿ ਸਾਨੂੰ ਜਾਣਕਾਰੀ ਮਿਲੀ ਹੈ ਕਿ ਰਮਨ ਅਰੋੜਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਵਿਜੀਲੈਂਸ ਬਿਊਰੋ ਨੇ ਇਹ ਕਾਰਵਾਈ ਵਿਧਾਇਕ ਖਿਲਾਫ਼ ਭ੍ਰਿਸ਼ਟਾਚਾਰ ਨਾਲ ਜੁੜੇ ਇੱਕ ਮਾਮਲੇ ਵਿੱਚ ਕੀਤੀ ਹੈ। ਵਿਜੀਲੈਂਸ ਅਧਿਕਾਰੀਆਂ ਵੱਲੋਂ ਕਿਹਾ ਗਿਆ ਹੈ ਕਿ ਰਮਨ ਅਰੋੜਾ ’ਤੇ ਪਹਿਲਾਂ ਨਗਰ ਨਿਗਮ ਦੇ ਅਫ਼ਸਰਾਂ ਦੇ ਜ਼ਰੀਏ ਲੋਕਾਂ ਨੂੰ ਝੂਠੇ ਨੋਟਿਸ ਭਿਜਵਾਉਂਦਾ ਸੀ, ਉਪਰੰਤ ਉਹ ਲੋਕਾਂ ਤੋਂ ਪੈਸੇ ਲੈ ਕੇ ਨੋਟਿਸਾਂ ਨੂੰ ਰਫ਼ਾ-ਦਫਾ ਕਰਵਾਉਂਦਾ ਸੀ। ਉਧਰ, ਆਮ ਆਦਮੀ ਪਾਰਟੀ ਵੱਲੋਂ ਇਸ ਗ੍ਰਿਫ਼ਤਾਰ ’ਤੇ ਸੋਸ਼ਲ ਮੀਡੀਆ ਪੋਸਟ ਰਾਹੀਂ ਟਵੀਟ ਕੀਤਾ ਗਿਆ ਹੈ ਕਿ ਆਪਣਾ ਹੋਵੇ ਜਾਂ ਕੋਈ ਹੋਰ, ਭ੍ਰਿਸ਼ਟਾਚਾਰ ਕਰਨ ਵਾਲੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਕੁਝ ਦਿਨ ਪਹਿਲਾਂ ਸਰਕਾਰ ਨੇ ਰਮਨ ਅਰੋੜਾ ਦੀ ਸੁਰੱਖਿਆ ਹਟਾ ਦਿੱਤੀ ਸੀ। ਅਰੋੜਾ ਨੇ ਖੁਦ ਸੁਰੱਖਿਆ ਹਟਾਉਣ ਦੀ ਪੁਸ਼ਟੀ ਕੀਤੀ ਸੀ। ਸੁਰੱਖਿਆ ਹਟਾਏ ਜਾਣ ਤੋਂ ਬਾਅਦ ਪੰਜਾਬ ਦੀ ਰਾਜਨੀਤੀ ਵਿੱਚ ਚਰਚਾ ਸੀ ਕਿ ਸਰਕਾਰ ਜਲਦੀ ਹੀ ਰਮਨ ਅਰੋੜਾ ਖ਼ਿਲਾਫ਼ ਕਾਰਵਾਈ ਕਰ ਸਕਦੀ ਹੈ।

## ਪੀਐਮ ਮੋਦੀ ਦੇ ਦੌਰੇ ਮਗਰੋਂ ਭਾਈ ਗੁਰਪਤਵੰਤ ਸਿੰਘ ਪਨੂੰ ਦਾ ਵੱਡਾ ‘ਦਾਅਵਾ’

**ਨਵੀਂ ਦਿੱਲੀ, 23 ਮਈ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਸਮਰਥਕ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਪੰਜਾਬ ਦੇ ਜਲੰਧਰ ਵਿੱਚ ਆਦਮਪੁਰ ਏਅਰਬੇਸ ਨੇੜੇ ਖਾਲਿਸਤਾਨ ਤੇ ਪਾਕਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਿਖਵਾਏ ਹਨ। ਖਾਲਿਸਤਾਨੀ ਗੁਰਪਤਵੰਤ ਸਿੰਘ ਪੰਨੂ ਨੇ ਇੱਕ ਵੀਡੀਓ ਜਾਰੀ ਕੀਤਾ ਹੈ ਤੇ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਜੰਮ ਕੇ ਭੜਾਸ ਕੱਢੀ ਹੈ। ਭਾਈ ਪੰਨੂ ਨੇ ਦਾਅਵਾ ਕੀਤਾ ਹੈ ਕਿ ਇਹ ਨਾਅਰੇ ਜਲੰਧਰ ਦੇ ਆਦਮਪੁਰ ਕਸਬੇ ਨਾਲ ਲੱਗਦੇ ਖੁਰਦਪੁਰ ਪਿੰਡ ਵਿੱਚ ਰੇਲਵੇ ਸਟੇਸ਼ਨ ਨੇੜੇ ਲਿਖੇ ਗਏ। ਪਾਕਿਸਤਾਨ ਦੇ ਸਮਰਥਨ ਵਿੱਚ ਕੁਝ ਨਾਅਰੇ ਲਿਖੇ ਗਏ ਤੇ ਇਹ ਵੀ ਦਾਅਵਾ ਕੀਤਾ ਗਿਆ ਕਿ ਸਿੱਖ ਪਾਕਿਸਤਾਨ ਫੌਜ ਦਾ ਸਮਰਥਨ ਕਰਦੇ ਹਨ। ਸਿੱਖ ਫਾਰ ਜਸਟਿਸ ਦੇ ਮੁਖੀ ਭਾਈ ਗੁਰਪਤਵੰਤ ਸਿੰਘ ਪੰਨੂ



ਨੇ 2 ਮਿੰਟ 52 ਸਕਿੰਟ ਦੀ ਇੱਕ ਵੀਡੀਓ ਜਾਰੀ ਕੀਤੀ ਜਿਸ ਵਿੱਚ ਉਨ੍ਹਾਂ ਨੇ ਧਮਕੀ ਦਿੱਤੀ ਕਿ ਕੁਝ ਦਿਨ ਪਹਿਲਾਂ 13 ਮਈ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਦਮਪੁਰ ਏਅਰ ਫੋਰਸ ਸਟੇਸ਼ਨ ਆਏ ਸਨ ਤੇ ਅੱਜ 23 ਮਈ ਨੂੰ ਖੁਰਦਪੁਰ ਵਿੱਚ ਇਹ ਨਾਅਰੇ ਲਿਖੇ ਗਏ। ਵੀਡੀਓ ਵਾਇਰਲ ਹੋਣ ਮਗਰੋਂ ਦਿਹਾਤੀ ਪੁਲਿਸ ਤੇ ਜੀਆਰਪੀ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਹਾਸਲ ਜਾਣਕਾਰੀ ਅਨੁਸਾਰ ਹਾਲਾਂਕਿ ਇਹ ਘਟਨਾ ਪੇਂਡੂ ਪੁਲਿਸ ਦੇ ਖੇਤਰ ਵਿੱਚ ਵਾਪਰੀ ਹੈ ਪਰ ਇਸ ਦਾ ਦਾਇਰਾ ਜੀਆਰਪੀ (ਰੇਲਵੇ ਪੁਲਿਸ) ਦੇ ਅਧੀਨ ਆਵੇਗਾ। ਇਸ ਲਈ ਦੋਵੇਂ ਪੁਲਿਸ ਟੀਮਾਂ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਐਸਐਸਪੀ ਹਰਵਿੰਦਰ ਸਿੰਘ ਵਿਰਕ ਨੇ ਕਿਹਾ ਕਿ ਇਹ ਮਾਮਲਾ ਰੇਲਵੇ ਦੇ ਦਾਇਰੇ ਵਿੱਚ ਆਉਂਦਾ ਹੈ ਪਰ ਫਿਰ ਵੀ ਸਾਡੀਆਂ ਟੀਮਾਂ ਜਾਂਚ ਕਰ ਰਹੀਆਂ ਹਨ। ਇਸ ਦੇ ਨਾਲ ਹੀ ਇਸ ਮਾਮਲੇ ਵਿੱਚ ਜਲੰਧਰ ਰੇਂਜ ਜੀਆਰਪੀ ਦੇ ਐਸਐਚਓ ਅਸ਼ੋਕ ਕੁਮਾਰ ਨੇ ਅਜਿਹੀ ਕਿਸੇ ਵੀ ਘਟਨਾ ਦੀ ਪੁਸ਼ਟੀ ਨਹੀਂ ਕੀਤੀ ਤੇ ਨਾ ਹੀ ਇਸ ਘਟਨਾ ਤੋਂ ਇਨਕਾਰ ਕੀਤਾ ਹੈ। ਫਿਲਹਾਲ ਇਸ ਮਾਮਲੇ ਵਿੱਚ ਪੁਲਿਸ ਜਾਂਚ ਚੱਲ ਰਹੀ ਹੈ। ਜਾਂਚ ਤੋਂ ਬਾਅਦ ਜਲਦੀ ਹੀ ਮਾਮਲੇ ਵਿੱਚ ਐਫਆਈਆਰ ਦਰਜ ਕੀਤੀ ਜਾਵੇਗੀ।

## ਕੋਰੋਨਾ ਵਿਸਫੋਟ ਦੇ ਨਾਲ ਦੇਸ਼ ਮੱਚੀ ਹਾਹਾਕਾਰ ! 132 ਮਰੀਜ਼ਾਂ ’ਚ ਕੋਵਿਡ-19 ਦੀ ਪੁਸ਼ਟੀ, ਸਰਵੇਖਣ ਦੇ ਅੰਕੜੇ ਹੈਰਾਨ ਕਰਨ ਵਾਲੇ

**ਨਵੀਂ ਦਿੱਲੀ, 23 ਮਈ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਵਿੱਚ ਕਰਵਾਏ ਗਏ ਇੱਕ ਸਰਵੇਖਣ ਵਿੱਚ ਕੋਰੋਨਾ ਵਾਇਰਸ ਸੰਕ੍ਰਮਣ ਨੂੰ ਲੈ ਕੇ ਚਿੰਤਾਜਨਕ ਮਾਮਲੇ ਸਾਹਮਣੇ ਆਏ ਹਨ।



ਸਰਵੇਖਣ ਦੇ ਅਨੁਸਾਰ, ਜਿਨ੍ਹਾਂ ਪਰਿਵਾਰਾਂ ਨੂੰ ਇਸ ਵਿੱਚ ਸ਼ਾਮਿਲ ਕੀਤਾ ਗਿਆ, ਉਨ੍ਹਾਂ ਵਿੱਚੋਂ 22 ਪ੍ਰਤੀਸ਼ਤ ਪਰਿਵਾਰਾਂ ਦੇ ਇੱਕ ਜਾਂ ਵੱਧ ਮੈਂਬਰਾਂ ਨੂੰ ਕੋਵਿਡ, ਫਲੂ ਜਾਂ ਵਾਇਰਲ ਬੁਖਾਰ ਦੇ ਲੱਛਣ ਮਿਲੇ। ਜਦਕਿ 15 ਪ੍ਰਤੀਸ਼ਤ ਪਰਿਵਾਰਾਂ ਨੇ ਦੱਸਿਆ ਕਿ ਉਹਨਾਂ ਦੇ ਦੋ ਜਾਂ ਵੱਧ ਮੈਂਬਰ ਵਾਇਰਲ ਲੱਛਣਾਂ ਨਾਲ ਪੀੜਤ ਹਨ। ਸਮੁਦਾਇਕ ਸੋਸ਼ਲ ਮੀਡੀਆ ਮੰਚ ‘ਅਪਨੇ’ ਨੇ ਵੀ ਇਹ ਦਾਅਵਾ ਵੀਰਵਾਰ (22 ਮਈ) ਨੂੰ ਕੀਤਾ। ਮਹਾਰਾਸ਼ਟਰ ਦੇ ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਮਹਾਰਾਸ਼ਟਰ ਵਿੱਚ ਬੁੱਧਵਾਰ ਨੂੰ ਕੋਵਿਡ-19 ਨਾਲ ਸੰਕ੍ਰਮਿਤ ਹੋਣ ਦੇ 26 ਮਾਮਲੇ ਪੱਕੇ ਹੋਏ, ਜਿਸ ਨਾਲ ਇਸ ਸਾਲ ਹੁਣ ਤੱਕ ਕੁੱਲ 132 ਮਾਮਲੇ ਹੋ ਚੁੱਕੇ ਹਨ। ਮਹਾਰਾਸ਼ਟਰ ਸਿਹਤ ਵਿਭਾਗ ਦੇ ਅਧਿਕਾਰੀਆਂ ਮੁਤਾਬਕ ਇਸ ਸਾਲ ਜਨਵਰੀ ਤੋਂ ਹੁਣ ਤੱਕ ਕੋਵਿਡ-19 ਨਾਲ ਸੰਬੰਧਿਤ 2 ਮੌਤਾਂ ਦੇ ਮਾਮਲੇ ਸਾਹਮਣੇ ਆਏ ਹਨ। ਇਹ ਦੋਹਾਂ ਮੌਤਾਂ ਮੁੰਬਈ ਵਿੱਚ ਹੋਈਆਂ ਹਨ। ਜਿਨ੍ਹਾਂ ਦੋ ਲੋਕਾਂ ਦੀ ਕੋਵਿਡ-19 ਕਾਰਨ ਮੌਤ ਹੋਈ, ਉਹ ਪਹਿਲਾਂ ਹੀ ਗੰਭੀਰ ਬਿਮਾਰੀਆਂ ਨਾਲ ਪੀੜਤ ਸਨ। ਮੌਤਾਂ ਵਿੱਚੋਂ ਇੱਕ ਵਿਅਕਤੀ ਨੂੰ ‘ਹਾਈਪੋਕੈਲਸੀਮੀਆ’ ਦੇ ਦੌਰੇ ਨਾਲ ਗੁਰਦੇ ਦੀ ਬਿਮਾਰੀ ਸੀ, ਜਦਕਿ ਦੂਜਾ ਵਿਅਕਤੀ ਕੈਂਸਰ ਦਾ ਮਰੀਜ਼ ਸੀ। ਜਨਵਰੀ ਤੋਂ ਹੁਣ ਤੱਕ ਕੁੱਲ 6,066 ਨਮੂਨੇ ਜਾਂਚੇ ਗਏ, ਜਿਨ੍ਹਾਂ ਵਿੱਚੋਂ 106 ਵਿੱਚ ਕੋਵਿਡ-19 ਦੀ ਪੁਸ਼ਟੀ ਹੋਈ ਹੈ। ਇਨ੍ਹਾਂ ਵਿੱਚੋਂ 101 ਮਰੀਜ਼ ਮੁੰਬਈ ਤੋਂ ਹਨ ਅਤੇ ਬਾਕੀ ਪੁਣੇ, ਠਾਣੇ ਅਤੇ ਕੋਲਹਾਪੁਰ ਤੋਂ ਸਨ। ਇਸ ਵੇਲੇ 52 ਮਰੀਜ਼ਾਂ ਵਿੱਚ ਕੋਵਿਡ-19 ਦੇ ਹਲਕੇ ਲੱਛਣ ਹਨ, ਜਿਨ੍ਹਾਂ ਦਾ ਇਲਾਜ 16 ਹਸਪਤਾਲਾਂ ਵਿੱਚ ਜਾਰੀ ਹੈ। ਸਿਹਤ ਅਧਿਕਾਰੀਆਂ ਨੂੰ ਸਿਫਾਰਿਸ਼ ਕੀਤੀ ਗਈ ਹੈ ਕਿ ਉਹ ਬਿਮਾਰ ਲੋਕਾਂ, ਖ਼ਾਸ ਕਰਕੇ ਹੋਰ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਨੂੰ ਕੋਵਿਡ ਟੈਸਟ ਕਰਵਾਉਣ ਲਈ ਪ੍ਰੇਰਿਤ ਕਰਨ। ਇਹ ਲੋਕ ਕੋਵਿਡ ਨਾਲ ਜੁੜੇ ਖਤਰੇ ਲਈ ਜ਼ਿਆਦਾ ਸੰਵੇਦਨਸ਼ੀਲ ਹੁੰਦੇ ਹਨ। ਸਮੁਦਾਇਕ ਸੋਸ਼ਲ ਮੀਡੀਆ ਮੰਚ ‘ਲੋਕਲ ਸਰਕਲਜ਼’ ਵੱਲੋਂ ਕਰਵਾਏ ਗਏ ਸਰਵੇਖਣ ਮੁਤਾਬਕ, 2024 ਦੇ ਪਿਛਲੇ ਸਰਵੇਖਣਾਂ ਵਿੱਚ ਪਤਾ ਲੱਗਾ ਕਿ ਜਿਹੜੇ ਲੋਕਾਂ ਨੂੰ ਵਾਇਰਸ ਦੇ ਲੱਛਣ ਸਨ, ਉਨ੍ਹਾਂ ਵਿੱਚੋਂ ਸਿਰਫ਼ 20 ਵਿੱਚੋਂ ਇੱਕ ਹੀ ਕੋਵਿਡ ਦੀ ਜਾਂਚ ਕਰਵਾਈ, ਜੋ ਇਹ ਦਰਸਾਉਂਦਾ ਹੈ ਕਿ ਸਰਕਾਰੀ ਰਿਪੋਰਟਾਂ ਵਿੱਚ ਕੋਵਿਡ ਦੇ ਮਾਮਲੇ ਹਕੀਕਤ ਨਾਲੋਂ ਕਾਫ਼ੀ ਘੱਟ ਹੋ ਸਕਦੇ ਹਨ। ਮਹਾਰਾਸ਼ਟਰ ਵਿੱਚ ਕੋਵਿਡ ਮਾਮਲਿਆਂ ਦੀ ਗਿਣਤੀ 100 ਤੋਂ ਘੱਟ ਹੋਣ ਦੇ ਸਰਕਾਰੀ ਅੰਕੜਿਆਂ ’ਤੇ ਧਿਆਨ ਦਿੰਦਿਆਂ ਇਹ ਅੰਕੜੇ ਵੀ ਯਾਦ ਰੱਖਣੇ ਚਾਹੀਦੇ ਹਨ। ਰਿਪੋਰਟ ਮੁਤਾਬਕ, ਸਰਕਾਰੀ ਅੰਕੜੇ ਘੱਟ ਦਰਸਾਏ ਗਏ ਹੋ ਸਕਦੇ ਹਨ ਅਤੇ ਜੇ ਲੱਛਣ ਹਲਕੇ ਹਨ ਤਾਂ ਬਿਮਾਰੀ ਦਾ ਇਲਾਜ ਮੌਸਮੀ ਫਲੂ ਵਾਂਗ ਹੀ ਕੀਤਾ ਜਾ ਸਕਦਾ ਹੈ।

## ਸ਼੍ਰੋਮਣੀ ਕਮੇਟੀ ਵੱਲੋਂ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਾਉਣ ਦਾ ਫ਼ੈਸਲਾ ਮੁਲਤਵੀ

**ਅੰਮ੍ਰਿਤਸਰ, 23 ਮਈ (ਆਵਾਜ਼ਿ ਕੌਮ ਬਿਊਰੋ)**-ਬੰਦੀ ਸਿੱਖ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਚਿੱਠੀ ਤੋਂ ਬਾਅਦ ਮਰਹੂਮ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ’ਚ ਲਗਾਉਣ ਦਾ ਮਾਮਲਾ ਭਖ ਗਿਆ ਹੈ। ਇਸ ਮਸਲੇ ’ਤੇ ਹੁਣ ਐਸਜੀਪੀਸੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਹੈ ਕਿ ਚਿੱਠੀ ’ਤੇ ਸ਼੍ਰੋਮਣੀ ਕਮੇਟੀ ਇਸ ਮਸਲੇ ’ਤੇ ਪੁਨਰ




ਵਿਚਾਰ ਕਰੇਗੀ। ਇਸਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇਸ਼ ਸਾਕੇ ਦੀ ਯਾਦ ਵਿੱਚ ਅਤੇ ਸਾਕੇ ਵਿੱਚ ਸ਼ਹੀਦ ਹੋਏ ਸਿੱਖਾਂ ਦੀ ਯਾਦ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਕੀਰਤਨ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਜਿਹਾ ਦੁਖਦ ਸਾਕਾ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਵਾਪਰਿਆ, ਜਿਸ ਵਿੱਚ ਮਿਸ਼ਲ ਸ਼ਹੀਦ ਤਰਨਾ ਦਲ ਦੇ 11 ਸਿੰਘ ਵੀ ਸ਼ਹੀਦ ਹੋਏ ਸਨ ਅਤੇ ਮਿਸ਼ਲ ਸ਼ਹੀਦ ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਵੱਲੋਂ ਪੰਥਕ ਸੇਵਾਵਾਂ ਦੀ ਸ਼ਲਾਘਾ ਕੀਤੀ। ਉਹਨਾਂ ਦੱਸਿਆ ਕਿ ਗੁਰਦੁਆਰਾ ਸ਼੍ਰੀ ਪਾਉਂਟਾ ਸਾਹਿਬ ਨੂੰ ਮਹੰਤਾ ਦੇ ਕਬਜ਼ੇ ਤੋਂ ਆਜ਼ਾਦ ਕਰਵਾਉਣ ਸਮੇਂ ਵਾਪਰ ਰਹੇ ਸਾਕੇ ਵਿੱਚ ਬਾਬਾ ਨਿਹਾਲ ਸਿੰਘ ਵੀ ਗੰਭੀਰ ਜਖਮੀ ਹੋਏ ਸਨ, ਜਿਨਾਂ ਨੂੰ ਪੰਥ ਨੇ ਜਿੰਦਾ ਸ਼ਹੀਦਾਂ ਖਿਤਾਬ ਦਿੱਤਾ ਹੈ। ਇਸ ਦੇ ਨਾਲ ਹੀ ਪੱਤਰਕਾਰਾਂ ਵੱਲੋਂ ਜਦੋਂ ਸਵਾਲ ਪੁੱਛਿਆ ਗਿਆ ਕਿ ਬੰਦੀ ਸਿੰਘ ਭਾਈ ਬਲਵੰਤ ਸਿੰਘ ਰਾਜੋਆਣਾ ਨੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਅਜਾਇਬ ਘਰ ’ਚ ਲਗਵਾਉਣ ’ਤੇ ਵਿਰੋਧ ਦਰਜ ਕੀਤਾ ਹੈ, ਬਾਰੇ ਐਸਜੀਪੀਸੀ ਪ੍ਰਧਾਨ ਨੇ ਕਿਹਾ ਕਿ ਐਸਜੀਪੀਸੀ ਇਸ ਸਬੰਧੀ ਮੁੜ ਤੋਂ ਵਿਚਾਰ ਕਰੇਗੀ ਅਤੇ ਫਿਰ ਹੀ ਇਸ ਸਬੰਧੀ ਕੋਈ ਫੈਸਲਾ ਜ਼ਰੂਰੀ ਲਿਆ ਜਾਵੇਗਾ। ਨਾਲ ਹੀ ਉਹਨਾਂ ਨੇ ਕਿਹਾ ਕਿ ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਪੰਜ ਪਿਆਰਿਆਂ ਵੱਲੋਂ ਅਕਾਲ ਤਖਤ ਸਾਹਿਬ ਤੇ ਕਾਰਜਕਾਰੀ ਜਥੇਦਾਰ ਨੂੰ ਤਨਖਾਹੀਆ ਕਰਾਰ ਕਰਨਾ ਇਹ ਤਖਤਾਂ ਦੀ ਲੜਾਈ ਨਹੀਂ, ਇਹ ਮਨੁੱਖਾਂ ਦੀ ਲੜਾਈ ਹੈ ਜੋ ਨਹੀਂ ਹੋਣੀ ਚਾਹੀਦੀ ਅਤੇ ਇਸ ਨੂੰ ਜਲਦ ਹੀ ਹੱਲ ਕਰ ਲਿੱਤਾ ਜਾਵੇਗਾ।

## ਮਾਸਕੋ ’ਚ ਉੱਤਰਣ ਵਾਲਾ ਸੀ ਭਾਰਤੀ ਵਫ਼ਦ ਵਾਲਾ ਜਹਾਜ਼, ਯੂਕਰੇਨ ਨੇ ਏਅਰਪੋਰਟ ’ਤੇ ਕੀਤਾ ਡਰੋਨ ਹਮਲਾ

**ਨਵੀਂ ਦਿੱਲੀ, 23 ਮਈ (ਆਵਾਜ਼ਿ ਕੌਮ ਬਿਊਰੋ)**-ਆਪ੍ਰੇਸ਼ਨ ਸਿੰਦੂਰ ’ਤੇ ਰੂਸ ਗਏ ਭਾਰਤੀ ਸੰਸਦ ਮੈਂਬਰਾਂ ਦਾ ਵਫ਼ਦ ਮਾਸਕੋ ਹਵਾਈ ਅੱਡੇ ’ਤੇ ਡਰੋਨ ਹਮਲੇ ਤੋਂ ਵਾਲ-ਵਾਲ ਬਚ ਗਿਆ। ਇਸ ਜਹਾਜ਼ ਵਿੱਚ ਡੀਐਮਕੇ ਸੰਸਦ ਮੈਂਬਰ ਕਨੀਮੋਝੀ ਸਵਾਰ ਸਨ। ਡਰੋਨ ਹਮਲੇ ਕਾਰਨ ਇਹ ਜਹਾਜ਼ ਕਈ ਘੰਟਿਆਂ ਤੱਕ ਮਾਸਕੋ ਹਵਾਈ ਅੱਡੇ ਦੇ ਉੱਪਰ ਘੁੰਮਦਾ ਰਿਹਾ। ਕਈ ਘੰਟਿਆਂ ਦੀ ਦੇਰੀ ਤੇ ਸੁਰੱਖਿਆ ਸਥਿਤੀਆਂ ਦੇ



ਮੁਲਾਂਕਣ ਤੋਂ ਬਾਅਦ, ਜਹਾਜ਼ ਆਖਰਕਾਰ ਮਾਸਕੋ ਹਵਾਈ ਅੱਡੇ ’ਤੇ ਉਤਰਿਆ। ਭਾਰਤ ਤੋਂ ਛੇ ਵਫ਼ਦ ਵੱਖ-ਵੱਖ ਦੇਸ਼ਾਂ ਵਿੱਚ ਆਪ੍ਰੇਸ਼ਨ ਸਿੰਦੂਰ ’ਤੇ ਭਾਰਤ ਦੇ ਸਟੈਂਡ ਨੂੰ ਦੱਸਣ ਲਈ ਗਏ ਹਨ। ਭਾਰਤ ਤੋਂ ਰੂਸ ਗਏ ਵਫ਼ਦ ਵਿੱਚ DMK ਦੀ ਸੰਸਦ ਮੈਂਬਰ ਕਨੀਮੋਝੀ, ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਰਾਜੀਵ ਰਾਏ, ਰਾਸ਼ਟਰੀ ਜਨਤਾ ਦਲ ਦੇ ਸੰਸਦ ਮੈਂਬਰ ਪ੍ਰੇਮਚੰਦ ਗੁਪਤਾ, ਕੈਪਟਨ ਬ੍ਰਿਜੇਸ਼, ਅਸ਼ੋਕ ਕੁਮਾਰ ਮਿੱਤਲ ਅਤੇ ਰਾਜਦੂਤ ਮਨਜੀਵ ਸਿੰਘ ਪੁਰੀ ਸ਼ਾਮਲ ਹਨ। ਸੰਸਦ ਮੈਂਬਰ ਕਨੀਮੋਝੀ ਦੀ ਅਗਵਾਈ ਹੇਠ ਸੰਸਦ ਮੈਂਬਰਾਂ ਦਾ ਵਫ਼ਦ 22 ਮਈ ਨੂੰ ਰੂਸ ਲਈ ਰਵਾਨਾ ਹੋਇਆ ਸੀ। ਹੁਣ ਇਹ ਗੱਲ ਸਾਹਮਣੇ ਆਈ ਹੈ ਕਿ ਕਨੀਮੋਝੀ ਨੂੰ ਲੈ ਕੇ ਜਾ ਰਹੇ ਜਹਾਜ਼ ਨੂੰ ਮਾਸਕੋ ਹਵਾਈ ਅੱਡੇ ’ਤੇ ਉਤਰਨ ਵਿੱਚ ਮੁਸ਼ਕਲ ਆਈ। ਯੂਕਰੇਨ ਨੇ ਕਥਿਤ ਤੌਰ ’ਤੇ ਰੂਸ ਦੇ ਮਾਸਕੋ ਹਵਾਈ ਅੱਡੇ ’ਤੇ ਡਰੋਨ ਹਮਲਾ ਕੀਤਾ ਹੈ। ਇਸ ਤੋਂ ਬਾਅਦ ਮਾਸਕੋ ਹਵਾਈ ਅੱਡੇ ’ਤੇ ਹਫੜਾ-ਦਫੜੀ ਮਚ ਗਈ ਤੇ ਉਤਰਨ ਦੀ ਉਡੀਕ ਕਰ ਰਹੇ ਜਹਾਜ਼ਾਂ ਨੂੰ ਅਸਥਾਈ ਤੌਰ ’ਤੇ ਹਵਾਈ ਅੱਡੇ ’ਤੇ ਉਤਰਨ ਦੀ ਇਜਾਜ਼ਤ ਨਹੀਂ ਸੀ। ਮਾਸਕੋ ਹਵਾਈ ਅੱਡੇ ਨੇ ਘਰੇਲੂ ਤੇ ਅੰਤਰਰਾਸ਼ਟਰੀ ਉਡਾਣਾਂ ਨੂੰ ਕਈ ਘੰਟਿਆਂ ਲਈ ਮੁਅੱਤਲ ਕਰ ਦਿੱਤਾ। ਇਸ ਕਾਰਨ ਸੰਸਦ ਮੈਂਬਰ ਕਨੀਮੋਝੀ ਕਰੁਣਾਨਿਧੀ ਨੂੰ ਲਿਜਾ ਰਿਹਾ ਜਹਾਜ਼ ਉਤਰ ਨਹੀਂ ਸਕਿਆ ਤੇ ਹਵਾ ਵਿੱਚ ਚੱਕਰ ਲਗਾਉਂਦਾ ਰਿਹਾ। ਅੰਤ ਵਿੱਚ, ਕਾਫ਼ੀ ਦੇਰੀ ਤੋਂ ਬਾਅਦ, ਜਹਾਜ਼ ਸੁਰੱਖਿਅਤ ਉਤਰ ਗਿਆ। ਕਈ ਘੰਟਿਆਂ ਦੀ ਦੇਰੀ ਤੋਂ ਬਾਅਦ, ਸੰਸਦ ਮੈਂਬਰ ਕਨੀਮੋਝੀ ਨੂੰ ਲੈ ਕੇ ਜਾਣ ਵਾਲਾ ਜਹਾਜ਼ ਮਾਸਕੋ ਹਵਾਈ ਅੱਡੇ ’ਤੇ ਸੁਰੱਖਿਅਤ ਉਤਰਿਆ। ਇਸ ਤੋਂ ਬਾਅਦ, ਰੂਸ ਵਿੱਚ ਭਾਰਤੀ ਦੂਤਾਵਾਸ ਦੇ ਅਧਿਕਾਰੀਆਂ ਨੇ ਸਰਬ-ਪਾਰਟੀ ਸੰਸਦ ਮੈਂਬਰਾਂ ਦੇ ਵਫ਼ਦ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਹੋਟਲ ਪਹੁੰਚਾਇਆ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।


**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

*-- ਗੁਰੂ ਪੰਥ ਦੇ ਸੇਵਾਦਾਰ --*

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.


Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ–ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ–ਢਾਡੀ–ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

**1 ਮਈ ਤੋਂ 31 ਮਈ 2025 ਤੱਕ** ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਵੀਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ੁੱਕਰਵਾਰ | ਜੱਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਸ਼ਨੀਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਐਤਵਾਰ | ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਸੋਮਵਾਰ | ਸੱਦਾਰੰਗ | ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਮੰਗਲਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਵੀਰਵਾਰ | ਬਾਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ੁੱਕਰਵਾਰ | ਭਲਾਈਪੁਰ ਪੁਰਬਾ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਸ਼ਨੀਵਾਰ | ਗੁ: ਕੰਧ ਸਾਹਿਬ ਬਟਾਲਾ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਮੰਗਲਵਾਰ | ਸੂਸਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਬੁੱਧਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਵੀਰਵਾਰ | ਚੌਣੇ | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ੁੱਕਰਵਾਰ | ਨਵਾਂ ਪਿੰਡ | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਸ਼ਨੀਵਾਰ | ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਐਤਵਾਰ | ਧਰਮੂਚੱਕ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਮੰਗਲਵਾਰ | ਉੱਦੋ ਨੰਗਲ ਖੁਰਦ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਬੁੱਧਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਵੀਰਵਾਰ | ਢਪਈਆ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ੁੱਕਰਵਾਰ | ਵੀਲਾ/ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਸ਼ਨੀਵਾਰ | ਬੁਤਾਲਾ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਐਤਵਾਰ | ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ; ਚੌਧਰੀਵਾਲ | ਸ਼ਾਮ 7 ਤੋਂ 9 ਵਜੇ ਤੱਕ |
| 26 ਮਈ | ਸੋਮਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਬੁੱਧਵਾਰ | ਗੁ: ਰਾਮ ਥੰਮਣ ਸਾਹਿਬ ਮਨੇਸ਼ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਵੀਰਵਾਰ | ਮੈਹਣੀਆ ਕੁਹਾਰਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ੁੱਕਰਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਸ਼ਨੀਵਾਰ | ਚਾਟੀਵਿੰਡ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 95171-76191, 84376-91626**

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ੴ ਸਤਿਗੁਰ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਏ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਭੋਹਰ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸ. ਹਰਮੀਤ ਸਿੰਘ ਕਾਲਕਾ, ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਹਰਿਆਣਾ
ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ
ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰ-ਏ-ਪੰਜਾਬ ਅਕਾਲੀ ਦਲ
ਭਾਈ ਮੋਹਕਮ ਸਿੰਘ ਜੀ ਦਮਦਮੀ ਟਕਸਾਲ ਵਾਲੇ
ਭਾਈ ਮੁਖਤਿਆਰ ਸਿੰਘ ਜੀ ਮੁਖੀ ਦਮਦਮੀ ਟਕਸਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬੂਟਾ ਸਿੰਘ ਰਣਸੀਂਹ ਸ਼ੇਰ-ਏ-ਪੰਜਾਬ ਅਕਾਲੀ ਦਲ
ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ
ਜਥੇਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ
ਸ. ਤਰਸੇਮ ਸਿੰਘ (ਪਿਤਾ ਜੀ) ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ
ਭਾਈ ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਜਥੇਦਾਰ ਬਾਬਾ ਹਰੀ ਸਿੰਘ ਜੀ ਹਰੀ ਸਿੰਘ ਨਲੂਆ ਦਲ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਕੈਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਅਰਬਾਂ ਖਰਬਾਂ ਵਾਲੇ
ਜਥੇਦਾਰ ਬਾਬਾ ਕੁਲਵਿੰਦਰ ਸਿੰਘ ਜੀ ਚਮਕੌਰ ਸਾਹਿਬ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778



GURDWARA BABA SANG JI
SMETHWICK, BIRMINGHAM
6TH - 8TH JUNE
8th June ਅੰਮ੍ਰਿਤ ਸੰਚਾਰ (12PM)
AMRIT SANCHAR
Naujawan Sewak Sabha Birmingham UK
COMMEMORATING THE SHAHEEDI DIVAS OF
DHAN DHAN SRI GURU ARJAN DEV MAHARAJ JI
AND ALL SHAHEEDS OF JUNE 1984
Arambh Sri Akhand Path Sahib : Friday 6th June 2025 (11AM)
Bhog Sri Akhand Path Sahib : Sunday 8th June 2025 (10AM)
ਮਹਾਨ ਅੰਮ੍ਰਿਤ ਸੰਚਾਰ
MAHAAN AMRIT SANCHAR
Sunday 8th June 2025 (12PM)
ਆਵਾਜ਼ਿ ਕੌਮ
AWAZE QAUM
International Newspaper & WEB TV
Kakaars will be provided by
GURDWARA BABA SANG JI SMETHWICK, BIRMINGHAM
7-9 St Paul's Rd, Smethwick B66 1EE
For more information contact:
Devinder Singh:
07452 765165
Manjinder Singh:
07848460728
Design & Printed by Star Signs & Displays - 0121 572 0909

IT IS WITH OUR DEEPEST SORROW, THAT WE WOULD LIKE TO INFORM YOU OF THE PASSING OF

# Mr Teja Singh Sandhu

Husband of the late Mrs Kulwant Kaur Sandhu



ਆਵਾਜ਼ਿ ਕੌਮ AWAZE QAUM International Newspaper & WEB TV

## on Friday 16th May 2025

You are welcome to pay respects at 511 Brook Lane, B13 0BU on Saturday 24th May 2025 and Sunday 25th May 2025 between 10.30am-7pm

## Funeral Service Details:
## Tuesday May 27th 2025

Arrival of the hearse at residence: 10.15am
Departure of cortège: 11.00am

**511 Brook Lane, Kings Heath, B13 0BU**

Cremation service at 11.30am

**Robin Hood Cemetery, Streetsbrook Road, Shirley, B90 3NL**

Bhog Ceremony at Guru Nanak Gurdwara: 12.30pm, Hall 2, First Floor

**629-631, Stratford Road, Birmingham, B11 4LS**

To attend virtually: https://watch.obitus.com
Username duja7937
Password 192142

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਦਿਹਾੜਾ ਗੁਰਤਾ ਗੱਦੀ ਪਾਤਸ਼ਾਹੀ ਛੇਵੀਂ

☛ ਗੁਰਿਆਈ ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ। ☛ ਜੋੜਾ ਮੇਲਾ ਪਾਤਸ਼ਾਹੀ ਛੇਵੀਂ ਪਿੰਡ ਸੁਰਸਿੰਘ ਅੰਮ੍ਰਿਤਸਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 24 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਚਪੈਹਿਰਾ ਸਾਹਿਬ ਦਾ ਪਾਠ ਹਰ ਐਤਵਾਰ ਹੁੰਦਾ ਹੈ।

ਐਤਵਾਰ 25 ਮਈ 2025 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਗੁਰਮੀਤ ਸਿੰਘ ਸੁਹਰ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ
☛ ਸਟਾਲ ਵੀ ਲੱਗੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ⋆ ਗੁਰੂ ਪੰਥ ਦੇ ਦਾਸਰੇ ⋆

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ। ☛ ਸ਼ੇਅਰ ਜ਼ਰੂਰ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




## ਸੱਦਾ ਪੱਤਰ

**ਅਕਾਲੀ ਦਲ ਬਚਾਉਣਾ ਹੈ , ਪੰਥ ਦੀ ਝੋਲੀ ਪਾਉਣਾ ਹੈ**

**ਪੰਥਕ ਇਕੱਤਰਤਾ**

29 ਮਈ , 2025 ਦਿਨ ਵੀਰਵਾਰ
ਸਮਾਂ - ਸ਼ਾਮ 5 ਵਜੇ
SCO ਨੰਬਰ 23 , ਕਬੀਰ ਪਾਰਕ ਮਾਰਕਿਟ
ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਹਮਣੇ
**ਸ੍ਰੀ ਅੰਮ੍ਰਿਤਸਰ ਸਾਹਿਬ**

ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ

**ਗਿਆਨੀ ਹਰਪ੍ਰੀਤ ਸਿੰਘ** (ਜੱਥੇਦਾਰ ਸਾਹਿਬਾਨ)
**ਬੀਬੀ ਸਤਵੰਤ ਕੌਰ** (ਮੈਂਬਰ, ਪੰਜ ਮੈਂਬਰੀ ਕਮੇਟੀ)
**ਅਜੇਪਾਲ ਸਿੰਘ ਬਰਾੜ** (ਪ੍ਰਧਾਨ ਮਿਸਲ ਸਤਲੁਜ)
**ਦਵਿੰਦਰ ਸਿੰਘ ਸੇਖੋਂ** (ਜਰਨਲ ਸਕੱਤਰ, ਮਿਸਲ ਸਤਲੁਜ)
**ਪਰਮਪਾਲ ਸਿੰਘ ਸਭਰਾ** (ਸਿੱਖ ਅਲਾਇੰਸ)

ਮਿਸਲ ਸਤਲੁਜ

ਆਪ ਜੀ ਨੂੰ ਬੇਨਤੀ ਹੈ ਕਿ ਇਸ ਪੰਥਕ ਇਕੱਠ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਬੀਬੀ ਜਸਮੀਤ ਕੌਰ ਛੀਨਾ 98559-73085
ਹੁਸਨਦੀਪ ਸਿੰਘ ਗਿੱਲ 98882-80432
ਜਗਤਾਰ ਸਿੰਘ ਗਿੱਲ 98763-41981

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਸਵਾਰੀ ਸੰਗਤ ਜੀਓ,**
**ਵਾਹਿਗੁਰੂ ਜੀ ਕਾ ਖਾਲਸਾ**
**ਵਾਹਿਗੁਰੂ ਜੀ ਕਈ ਫਤਿਹ ਜੀ**

ਸਮੂੰਹ ਸੰਗਤ ਨੂੰ ਬੇਨਤੀ ਹੈ ਜੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਸ਼ੁਰੂ ਹੋਈ ਭਰਤੀ ਦੀ ਮਹਿੰਮ ਨੂੰ ਮਾਝੇ ਵਿੱਚ ਜ਼ੋਰ- ਸ਼ੋਰ ਨਾਲ ਚਲਾਉਣ ਲਈ ਮਿਤੀ 29 ਮਈ ਨੂੰ ਮਿਸਲ ਸਤਲੁਜ ਵੱਲੋਂ ਮਿਸਲ ਦੇ ਦਫ਼ਤਰ, ਕਬੀਰ ਪਾਰਕ ਮਾਰਕੀਟ ਵਿੱਚ ਸ਼ਾਮ 4 ਵਜੇ ਤੋਂ 7 ਵਜੇ ਤੱਕ ਇੱਕ ਪੰਥਕ ਇਕੱਠ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਆਪ ਸਭ ਨੂੰ ਹੁੰਮ -ਹੁਮਾ ਕੇ ਪਹੁੰਚਣ ਦੀ ਅਪੀਲ ਹੈ ਜੀ, ਆਪ ਜੀਆਂ ਦੀ ਹਾਜ਼ਰੀ ਇਸ ਨਵੇਂ ਬਣ ਰਹੇ ਅਕਾਲੀ ਦਲ ਨੂੰ ਪੰਥਕ ਕਦਰਾਂ ਕੀਮਤਾਂ ਤੇ ਪੂਰਾ ਉਤਰਨ ਲਈ ਅਤੇ ਅਸਮਾਨ ਦੀਆਂ ਬੁਲੰਦੀਆਂ ਨੂੰ ਛੂਹਣ ਵਿੱਚ ਅਤਿਅੰਤ ਸਹਾਈ ਹੋਵੇਗੀ ☛ ਆਸ ਕਰਦੇ ਹਾਂ ਹਰੇਕ ਮਾਈ - ਭਾਈ ਜੋ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੂੰ ਸਮਰਪਿਤ ਹੈ ਅਤੇ ਸਿੱਖੀ ਸਿਧਾਂਤਾਂ ਤੇ ਡਟ ਕੇ ਪਹਿਰਾ ਦੇਣ ਦਾ ਇੱਛੁਕ ਹੈ ਜਰੂਰ ਹੀ ਇਸ ਸਮਾਗਮ ਵਿੱਚ ਦਰਸ਼ਣ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

--✶ ਧੰਨਵਾਦ ਸਹਿਤ ✶--

**ਸੇਵਾਦਾਰ : ਜਸਮੀਤ ਕੌਰ ਛੀਨਾ**

9855973085

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ

**ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ**

**ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ**



ਜਦੋਂ ਵੀ ਪੰਥ ਦੇ ਸਿਰਮੌਰ ਸ਼ਹੀਦ, ਸੁਯੋਗ ਅਗਵਾਈ, ਗੁਰਬਾਣੀ ਦੇ ਅਦਬ ਸਤਿਕਾਰ, ਕੌਮੀ ਹੱਕਾਂ, ਸਿੱਖਾਂ ਦੀ ਆਜ਼ਾਦੀ ਜਾਂ ਖ਼ਾਲਸਾ ਰਾਜ ਦੀ ਗੱਲ ਚੱਲਦੀ ਹੈ ਤਾਂ ਵਿਸ਼ੇਸ਼ ਤੌਰ 'ਤੇ ਹਰ ਸਿੱਖ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਾਮ ਲੈ ਕੇ ਸੰਗਤਾਂ ਨੂੰ ਪ੍ਰੇਰਿਤ ਕਰਦਾ ਹੈ, ਉਨ੍ਹਾਂ ਮਹਾਨ ਮਹਾਂਪੁਰਖਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖ਼ਾਲਸਾ ਰੋਡੇ ਵਿਖੇ ਹਰ ਸਾਲ ਦੀ ਤਰ੍ਹਾਂ ਬਹੁਤ ਉਤਸ਼ਾਹ ਸਹਿਤ 2 ਜੂਨ 2025 ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸਬੰਧ ਵਿੱਚ ਬਹੁਤ ਵੱਡੇ ਪੱਧਰ ਤੇ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਕਰਵਾਏ ਜਾ ਰਹੇ ਹਨ, ਸੋ ਵੱਡੇ ਪ੍ਰਬੰਧ ਕਰਨ ਲਈ ਆਪ ਸੰਗਤਾਂ ਦੇ ਸਹਿਯੋਗ ਦੀ ਬਹੁਤ ਲੋੜ ਹੈ, ਆਪ ਜੀ ਥੋੜ੍ਹੇ ਵਿਚੋਂ ਥੋੜ੍ਹਾ ਅਤੇ ਬਹੁਤੇ ਵਿਚੋਂ ਬਹੁਤਾ ਸਹਿਯੋਗ ਤਿਲ ਫੁੱਲ ਮਾਇਆ ਸਹਿਤ ਕਰਨ ਦੀ ਕ੍ਰਿਪਾਲਤਾ ਕਰਨੀ ਜੀ, ਵਾਹਿਗੁਰੂ ਜੀ ਸਭ ਨੂੰ ਚੜ੍ਹਦੀਕਲਾ ਵਿੱਚ ਰੱਖਣ, ਸਿੱਧੀ ਸੇਵਾ ਭੇਜਣ ਲਈ ਗੁਰਦੁਆਰਾ ਸੰਤ ਖ਼ਾਲਸਾ (ਜਨਮ ਅਸਥਾਨ, ਸੰਤ ਭਿੰਡਰਾਂਵਾਲੇ) ਪਿੰਡ ਰੋਡੇ ਦਾ ਬੈਂਕ ਖ਼ਾਤਾ ਨੰਬਰ ਹੈ :

**PUNJAB NATIONAL BANK BAGHA PURANA**
**DISTRICT MOGA PUNJAB, INDIA-142038**
**A/C - 1747102100000016 GURDWARA SANT KHALSA**
**JANAM ASTHAN SANT GIANI JARNAIL SINGH JI**
**IFSC:PUNB0063710, SWIFTPUNBINBBLIA**

**ਸਿਰਫ਼ ਸੰਤਾਂ ਦਾ ਨਾਮ ਹੀ ਨਾ ਵਰਤੀਏ, ਸਗੋਂ ਉਨ੍ਹਾਂ ਦੇ ਜਨਮ ਦਿਨ ਦੇ ਮਹਾਨ ਸਮਾਗਮ ਵਿੱਚ ਸ਼ਾਮਿਲ ਹੋਈਏ, ਮਾਇਆ ਦਾ ਸਹਿਯੋਗ ਦਿੰਦੇ ਹੋਏ ਤਨ, ਮਨ ਕਰਕੇ ਸਮਰਪਿਤ ਹੁੰਦਿਆਂ ਉਨ੍ਹਾਂ ਦਾ ਉਪਦੇਸ਼ ਵੀ ਕਮਾਈਏ**

ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਜੀ ਦੇ

# ਜਨਮ ਦਿਨ ਦੀ ਖ਼ੁਸ਼ੀ ਵਿੱਚ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮੁਬਾਰਕਾਂ








ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਜੀ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮੁਬਾਰਕਾਂ ਦਿੰਦੇ ਹੋਏ ਦਾਸ ਅਮਰਬੀਰ ਸਿੰਘ ਢੋਟ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ( ਮਹਿਤਾ) , ਗੁਰਮੁੱਖ ਸਿੰਘ ਮੋਹਨਭੰਡਾਰੀ ਅਤੇ ਫੈਡਰੇਸ਼ਨ ਦੇ ਆਗੂ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐਮਐਲਏ ਸੁਖਪਾਲ ਖਹਿਰਾ ਨੇ ਆਪ ਐਮਐਲਏ ਰਮਨ ਅਰੋੜਾ ਦੀ ਗ੍ਰਿਫਤਾਰੀ ਨੂੰ

# ਲੁਧਿਆਣਾ ਪੱਛਮੀ ਉਪ-ਚੋਣ ਤੋਂ ਪਹਿਲਾਂ "ਝੂਠੀ ਨਾਟਕਬਾਜ਼ੀ" ਅਤੇ ਸਿਆਸੀ ਚਾਲ ਦੱਸਿਆ



**ਚੰਡੀਗੜ੍ਹ, 23 ਮਈ (ਆਵਾਜ਼ਿ ਕੌਮ ਬਿਊਰੋ)**- ਭੋਲਥ ਤੋਂ ਕਾਂਗਰਸੀ ਐਮਐਲਏ ਸੁਖਪਾਲ ਸਿੰਘ ਖਹਿਰਾ ਨੇ ਅੱਜ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਆਮ ਆਦਮੀ ਪਾਰਟੀ (ਆਪ) ਦੇ ਐਮਐਲਏ ਰਮਨ ਅਰੋੜਾ ਦੀ ਗ੍ਰਿਫਤਾਰੀ ਦੀ ਸਖਤ ਨਿਖੇਧੀ ਕੀਤੀ,

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਨੂੰ "ਸਪੱਸ਼ਟ ਝੂਠੀ ਨਾਟਕਬਾਜ਼ੀ" ਅਤੇ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਲੁਧਿਆਣਾ ਪੱਛਮੀ ਉਪ-ਚੋਣ ਤੋਂ ਪਹਿਲਾਂ ਜਨਤਾ ਨੂੰ ਗੁੰਮਰਾਹ ਕਰਨ ਦੀ "ਸਿਆਸੀ ਚਾਲ" ਕਰਾਰ ਦਿੱਤਾ। ਖਹਿਰਾ ਨੇ 2022 ਵਿੱਚ ਸੰਗਰੂਰ ਲੋਕ ਸਭਾ ਉਪ-ਚੋਣ ਤੋਂ ਪਹਿਲਾਂ ਸਾਬਕਾ ਆਪ ਮੰਤਰੀ ਡਾ. ਵਿਜੇ ਸਿੰਗਲਾ ਦੀ ਗ੍ਰਿਫਤਾਰੀ ਨਾਲ ਸਮਾਨਤਾ ਜੋੜਦਿਆਂ ਇਸ਼ਾਰਾ ਕੀਤਾ ਕਿ ਗੰਭੀਰ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੇ ਬਾਵਜੂਦ ਸਿੰਗਲਾ ਵਿਰੁੱਧ ਕੋਈ ਚਾਰਜਸ਼ੀਟ ਦਾਖਲ ਨਹੀਂ ਕੀਤੀ ਗਈ। "ਡਾ. ਵਿਜੇ ਸਿੰਗਲਾ ਅਜੇ ਵੀ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪਾਰਟੀ ਦੀ ਪੂਰੀ ਸਰਪ੍ਰਸਤੀ ਹਾਸਲ ਕਰ ਰਿਹਾ ਹੈ, ਜੋ ਸਾਬਤ ਕਰਦਾ ਹੈ ਕਿ ਅਜਿਹੀਆਂ ਗ੍ਰਿਫਤਾਰੀਆਂ ਜਵਾਬਦੇਹੀ ਦਾ ਝੂਠਾ ਕਥਾਨਕ ਬਣਾਉਣ ਦੀਆਂ ਸਿਰਫ਼ ਚਾਲਾਂ ਹਨ," ਖਹਿਰਾ ਨੇ ਕਿਹਾ।

ਕਾਂਗਰਸੀ ਐਮਐਲਏ ਨੇ ਆਪ ਸਰਕਾਰ ਦੀ ਆਪਣੇ ਨੇਤਾਵਾਂ ਵਿਰੁੱਧ ਚੋਣਵੀਂ ਨਿਸਕਿਰਿਆਸ਼ੀਲਤਾ 'ਤੇ ਸਵਾਲ ਉਠਾਉਂਦਿਆਂ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਐਮਐਲਏ ਸਰਬਜੀਤ ਕੌਰ ਮਨੂਕੇ ਦੇ ਮਾਮਲਿਆਂ ਦਾ ਜ਼ਿਕਰ ਕੀਤਾ। "ਮੰਤਰੀ ਕਟਾਰੂਚੱਕ ਵਿਰੁੱਧ ਇੱਕ ਨੌਜਵਾਨ ਮੁੰਡੇ ਦੇ ਸ਼ੋਸ਼ਣ ਦੇ ਵੀਡੀਓ ਸਬੂਤ ਹੋਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ, ਅਤੇ ਉਹ ਬਿਨਾਂ ਕਿਸੇ ਸਜ਼ਾ ਦੇ ਅਹੁਦੇ 'ਤੇ ਬਣਿਆ ਹੋਇਆ ਹੈ। ਇਸੇ ਤਰ੍ਹਾਂ, ਐਮਐਲਏ ਸਰਬਜੀਤ ਕੌਰ ਮਨੂਕੇ, ਜਿਸ ਨੂੰ ਜਗਰਾਓਂ ਵਿੱਚ ਇੱਕ ਐਨਆਰਆਈ ਦੇ ਮਹਿੰਗੇ ਘਰ 'ਤੇ ਗੈਰਕਾਨੂੰਨੀ ਕਬਜ਼ੇ ਦਾ ਦੋਸ਼ੀ ਪਾਇਆ ਗਿਆ, ਨੂੰ ਕੋਈ ਸਜ਼ਾ ਨਹੀਂ ਮਿਲੀ। ਇਹ ਆਪ ਦੇ ਦੋਹਰੇ ਮਾਪਦੰਡਾਂ ਅਤੇ ਪਾਰਟੀ ਵਿੱਚ ਭ੍ਰਿਸ਼ਟ ਅਤੇ ਅਪਰਾਧੀ ਤੱਤਾਂ ਦੀ ਸੁਰੱਖਿਆ ਨੂੰ ਬੇਨਕਾਬ ਕਰਦਾ ਹੈ," ਖਹਿਰਾ ਨੇ ਦੋਸ਼ ਲਗਾਇਆ।

ਖਹਿਰਾ ਨੇ ਜ਼ੋਰ ਦੇ ਕੇ ਕਿਹਾ ਕਿ ਜੇ ਆਪ ਦੇ ਐਮਐਲਏਜ਼ ਦੀਆਂ ਗਤੀਵਿਧੀਆਂ ਦੀ ਸੱਚੀ ਅਤੇ ਨਿਰਪੱਖ ਜਾਂਚ ਕੀਤੀ ਜਾਵੇ, "ਉਹਨਾਂ ਵਿੱਚੋਂ ਜ਼ਿਆਦਾਤਰ ਨੂੰ ਗ੍ਰਿਫਤਾਰ ਕਰਨਾ ਪਵੇਗਾ, ਕਿਉਂਕਿ ਉਹ ਭ੍ਰਿਸ਼ਟਾਚਾਰ ਵਿੱਚ ਗਰਦਨ ਤੱਕ ਡੁੱਬੇ ਹੋਏ ਹਨ।" ਉਹਨਾਂ ਨੇ ਭਗਵੰਤ ਮਾਨ ਸਰਕਾਰ 'ਤੇ ਆਪਣੇ ਨੇਤਾਵਾਂ ਨੂੰ ਬਚਾਉਣ ਅਤੇ ਚੋਣ ਜਿੱਤਣ ਲਈ ਭ੍ਰਿਸ਼ਟਾਚਾਰ ਵਿਰੋਧੀ ਉਪਾਵਾਂ ਦਾ ਢੌਂਗ ਕਰਨ ਦਾ ਦੋਸ਼ ਲਗਾਇਆ।

"ਰਮਨ ਅਰੋੜਾ ਦੀ ਗ੍ਰਿਫਤਾਰੀ ਸੰਗਰੂਰ ਉਪ-ਚੋਣ ਤੋਂ ਪਹਿਲਾਂ ਵਾਪਰੇ ਉਸੇ ਨਾਟਕ ਦੀ ਦੁਹਰਾਈ ਹੈ। ਆਪ ਸਰਕਾਰ ਆਪਣੀਆਂ ਨਾਕਾਮੀਆਂ ਅਤੇ ਪਾਰਟੀ ਵਿੱਚ ਵਿਆਪਕ ਭ੍ਰਿਸ਼ਟਾਚਾਰ ਤੋਂ ਧਿਆਨ ਹਟਾਉਣ ਲਈ ਬੇਤਾਬ ਹੈ। ਪੰਜਾਬੀ ਇਹਨਾਂ ਚਾਲਾਂ ਤੋਂ ਬੇਵਕੂਫ ਨਹੀਂ ਬਣਨਗੇ," ਖਹਿਰਾ ਨੇ ਕਿਹਾ, ਜਨਤਾ ਨੂੰ "ਸਿਆਸੀ ਨਾਟਕ" ਨੂੰ ਸਮਝਣ ਅਤੇ ਆਪ ਨੂੰ ਆਮ ਆਦਮੀ ਦੇ ਵਿਸ਼ਵਾਸ ਨਾਲ ਵਿਸ਼ਵਾਸਘਾਤ ਕਰਨ ਲਈ ਜਵਾਬਦੇਹ ਠਹਿਰਾਉਣ ਦੀ ਅਪੀਲ ਕੀਤੀ।

ਖਹਿਰਾ ਨੇ ਆਪ ਦੇ "ਪਾਖੰਡ" ਨੂੰ ਬੇਨਕਾਬ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਜਨਤਕ ਹਿੱਤ ਦੇ ਮੁੱਦੇ ਉਠਾਉਣ ਦਾ ਵਾਅਦਾ ਕੀਤਾ। ਉਹਨਾਂ ਨੇ ਪੰਜਾਬ ਦੇ ਲੋਕਾਂ ਲਈ ਨਿਆਂ ਨੂੰ ਯਕੀਨੀ ਬਣਾਉਣ ਲਈ ਆਪ ਵਿਧਾਇਕਾਂ ਦੀਆਂ ਕਥਿਤ ਭ੍ਰਿਸ਼ਟ ਗਤੀਵਿਧੀਆਂ ਦੀ ਸੁਤੰਤਰ ਏਜੰਸੀ ਵੱਲੋਂ ਪਾਰਦਰਸ਼ੀ ਜਾਂਚ ਦੀ ਮੰਗ ਕੀਤੀ।

### ਸਰਕਾਰੀ ਪ੍ਰਾਇਮਰੀ ਸਕੂਲ ਮਾਹੂਆਣਾ ਵਿਖੇ

# ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ







**ਤਲਵੰਡੀ ਸਾਬੋ, 23 ਮਈ (ਗੁਰਜੰਟ ਸਿੰਘ ਨਥੇਹਾ)**- ਸਿੱਖਿਆ ਕ੍ਰਾਂਤੀ ਸਮਾਗਮ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਮਾਹੂਆਣਾ ਵਿਖੇ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ

ਆਵਾਜ਼ਿ ਕੌਮ AWAZE QAUM International Newspaper & WEB TV

**ਜੇਕਰ ਸਿੱਖਿਆ ਦੀ ਨੀਂਹ ਮਜਬੂਤ ਹੋਵੇਗੀ ਤਾਂ ਹੀ ਸਮਾਜ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹੇਗਾ- ਪ੍ਰੋ ਬਲਜਿੰਦਰ ਕੌਰ**

ਕਰਨ ਮੌਕੇ ਵਿਧਾਇਕਾ ਤਲਵੰਡੀ ਸਾਬੋ ਅਤੇ ਚੀਫ ਵਿੱਪ ਪ੍ਰੋ. ਬਲਜਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਸਿੱਖਿਆ ਦੀ ਨੀਂਹ ਮਜਬੂਤ ਹੋਵੇਗੀ ਤਾਂ ਹੀ ਸਮਾਜ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹੇਗਾ। ਉਹਨਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਨੂੰ ਪੜ੍ਹਾਉਣ ਤੋਂ ਪਿੱਛੇ ਨਾ ਹਟਣ। ਚੀਫ ਵਿੱਪ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸੂਬੇ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਦੇਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਲਦ ਹੀ ਸਿੱਖਿਆ ਦੇ ਖੇਤਰ 'ਚ ਪੰਜਾਬ ਇੱਕ ਮੋਹਰੀ ਸੂਬਾ ਬਣੇਗਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਪਿੰਡ ਦੇ ਮੋਹਤਵਾਰ ਵਿਅਕਤੀ ਆਦਿ ਹਾਜ਼ਰ ਸਨ।

# ਪੰਥ ਵਲੋਂ ਇਤਰਾਜ ਕਰਣ ਤੇ ਡਾ. ਮਨਮੋਹਨ ਸਿੰਘ ਦੀ ਤਸਵੀਰ ਅਜਾਇਬ ਘਰ ਵਿਚ ਲਗਾਉਣ ਦੇ ਮਾਮਲੇ 'ਤੇ ਮੁੜ ਵਿਚਾਰ ਕਰੇਗੀ ਸ਼੍ਰੋਮਣੀ ਕਮੇਟੀ



**ਨਵੀਂ ਦਿੱਲੀ, 23 ਮਈ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦੇ ਮਾਮਲੇ ਨੂੰ ਮੁੜ ਵਿਚਾਰਨ ਲਈ ਇਸ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦਾ ਫੈਸਲਾ ਕੀਤਾ ਸੀ, ਜਿਸ 'ਤੇ ਵੱਖ-ਵੱਖ ਧਿਰਾਂ ਵੱਲੋਂ ਇਤਰਾਜ ਆਉਣ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਮਾਮਲੇ ਨੂੰ ਫਿਲਹਾਲ ਮੁਲਤਵੀ ਰੱਖਣ ਦਾ ਆਦੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦੀ ਹੈ ਅਤੇ ਇਸ ਮਾਮਲੇ ਸਬੰਧੀ ਸਿੱਖਾਂ ਅੰਦਰ ਆਮ ਰਾਏ ਬਣਨੀ ਜ਼ਰੂਰੀ ਹੈ। ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਤਸਵੀਰ ਲਗਾਉਣ ਦੇ ਇਸ ਫੈਸਲੇ ਬਾਰੇ ਅੰਤ੍ਰਿੰਗ ਕਮੇਟੀ ਵਿਚ ਮੁੜ ਵਿਚਾਰ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਬਾਲ ਗੀਤ

ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਸੁਣੋਂ ਬੱਚਿਉ ਕਿਨਾਰੇ ਤੀਕ ਤਰਨਾ ਹੈ ਪੜ੍ਹਾਈ ਵਿਚ।
ਕਿਸੇ ਬੱਦਲ ਦੇ ਵਾਂਗੂੰ ਲੈ ਕੇ ਉਚ ਸਿਖਿਆ ਦੇ ਪਾਣੀ ਨੂੰ।
ਲਗਾ ਦੇਣਾ ਹੈ ਮਿਹਨਤ ਨਾਲ ਸਾਰੀ ਹੀ ਜਵਾਨੀ ਨੂੰ।
ਬਣਾ ਕੇ ਸੱਤ ਰੰਗੀ ਪੀਂਘ ਵਰ੍ਹਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਸੱਚਾਈ ਨਾਲ ਜੀਣਾ ਹੈ ਸੱਚਾਈ ਨਾਲ ਮਰਨਾ ਹੈ।
ਸ਼ਬਦ ਬਾਣੀ ਨੂੰ ਕਰਕੇ ਕੰਠ ਅਪਣੇ ਮਨ ਨੂੰ ਭਰਨਾ ਹੈ।
ਸਦਾ ਮਾੜੇ ਕਰਮ ਕੋਲੋਂ ਹੀ ਡਰਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਹਨੇਰਾ ਖੁਦ-ਬ-ਖੁਦ ਹੀ ਜ਼ਿੰਦਗੀ ਚੋਂ ਦੌੜ ਜਾਵੇਗਾ।
ਤੁਹਾਡੇ ਦਿਲ 'ਚ ਫਿਰ ਉਗਦਾ ਸਵੇਰਾ ਮਾਨ ਪਾਵੇਗ।
ਕਿਸੇ ਸੂਰਜ ਦੇ ਵਾਗੂੰ ਤਪਸ਼ ਜਰਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਨਾ ਐਵੇਂ ਵਕਤ ਨੂੰ ਬਰਬਾਦ ਕਰਨਾ ਵਿਹਲਿਆਂ ਰਹਿ ਕੇ,
ਧਰਤ ਵਿਚ ਬੀਜ ਉਗਦਾ ਦੁਖ ਅਤੇ ਕੁਝ ਮੁਸ਼ਿਕਲਾਂ ਸਹਿ ਕੇ।
ਲਗਾ ਕੇ ਦਿਲ ਪੜ੍ਹੋਗੇ ਜੇ ਤਾਂ ਸਰਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਕਦਮ ਦਰ ਕਦਮ ਮੰਜ਼ਿਲ ਵੱਲ ਸਦਾ ਵਧਦੇ ਹੀ ਜਾਣਾ ਹੈ।
ਕੜੀ ਮੁਸ਼ਿਕਲ ਦੇ ਵਿਚੋਂ ਹੀ ਨਵੇਂ ਮਕਸਦ ਨੂੰ ਪਾਣਾ ਹੈ।
ਕਦੀ ਵੀ ਇਹ ਨਹੀਂ ਸਿਖਣਾ ਕਿ ਹਰਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਬੜੀ ਛੋਟੀ ਜਿਹੀ ਹੈ ਜ਼ਿੰਦਗੀ ਇਸ ਨੂੰ ਸੰਵਾਰੋਗੇ।
ਤਾਂ ਹੀ ਫਿਰ ਜਾ ਕੇ ਚੰਨ ਉਪਰ ਨਵੀਂ ਖੇਤੀ ਉਗਾਉਗੇ।
ਦਿਮਾਗੀ ਖੂਹ ਤਸੱਲੀ ਨਾਲ ਭਰਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।
ਸਦਾ ਖ਼ੁਸ਼ਹਾਲੀ ਹਰਿਆਲੀ ਰਵੇਗੀ ਜ਼ਿੰਦਗੀ ਅੰਦਰ।
ਕਵੇ ਬਾਲਮ ਬੜਾ ਬੱਲ ਹੈ ਰਵੋ ਜੇ ਬੰਦਗੀ ਅੰਦਰ।
ਸੁਖਦ ਉਪਲਬਧੀਆਂ ਦਾ ਸਫ਼ਲ ਝਰਨਾ ਹੈ ਪੜ੍ਹਾਈ ਵਿਚ।
ਤਪਸਿਆ ਯੋਗ ਦਾ ਪ੍ਰਯੋਗ ਕਰਨਾ ਹੈ ਪੜ੍ਹਾਈ ਵਿਚ।

**-ਬਲਵਿੰਦਰ ਬਾਲਗ ਗੁਰਦਾਸਪੁਰ, ਉਂਕਾਰ ਨਗਰ ਗੁਰਦਾਸਪੁਰ ਪੰਜਾਬ**
**ਮੋ. 98156-25409**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ "ਖੁਸ਼ ਕਿਵੇਂ ਰਹੀਏ" ਵਿਸ਼ੇ ਤੇ ਸੈਮੀਨਾਰ ਆਯੋਜਿਤ



**ਤਲਵੰਡੀ ਸਾਬੋ, 23 ਮਈ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਜੂਕੇਸ਼ਨ ਦੇ ਰੇਖੀ ਸੈਂਟਰ ਆਫ਼ ਐਕਸੀਲੈਂਸ ਫਾਰ ਦੀ ਸਾਇੰਸ ਆਫ ਹੈਪੀਨਸ ਵੱਲੋਂ ਉਪ ਕੁਲਪਤੀ ਪ੍ਰੋ.(ਡਾ.) ਰਾਮੇਸ਼ਵਰ ਸਿਘ ਦੀ ਪ੍ਰੇਰਨਾ ਸਦਕਾ "ਖੁਸ਼ ਕਿਵੇਂ ਰਹੀਏ" ਵਿਸ਼ੇ ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਡਾ. ਰਵਿੰਦਰ ਪੁਰੀ, ਮਨੋਵਿਗਿਆਨੀ, ਸਾਬਕਾ ਪ੍ਰਿੰਸੀਪਲ ਨੇ ਮੁੱਖ ਵਕਤਾ ਵਜੋਂ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਰੋਜ਼ਮਰਰਾ ਦੀ ਜ਼ਿੰਦਗੀ ਵਿੱਚ ਖੁਸ਼ ਰਹਿਣ ਦੇ ਨੁਕਤੇ ਲੱਭਣੇ ਪੈਂਦੇ ਹਨ। ਉਨ੍ਹਾਂ ਕਿਹਾ ਕਿ ਭੌਤਿਕਤਾ ਦੀ ਅੰਨ੍ਹੀ ਦੌੜ ਵਿੱਚ ਸਭ ਲੋਕ ਇੱਕ ਦੂਜੇ ਤੋਂ ਅੱਗੇ ਨਿਕਲਣ ਦੀ ਕੋਸ਼ਿਸ਼ ਕਰ ਰਹੇ ਹਨ ਪਰ ਕਈ ਵਾਰੀ ਸਫਲਤਾ ਨਾ ਮਿਲਣ ਕਾਰਨ ਨਿਰਾਸ਼ ਹੋ ਜਾਂਦੇ ਹਨ। ਉਨ੍ਹਾਂ ਸਭਨਾਂ ਨੂੰ ਆਪਣਾ ਮਨੋਬਲ ਚੜ੍ਹਦੀ ਕਲਾ ਵਿੱਚ ਰੱਖਣ ਦੇ ਮਸ਼ਵਰੇ ਅਤੇ ਤਰੀਕੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਇਹ ਜ਼ਿੰਦਗੀ ਬੜੀ ਹੀ ਖ਼ੂਬਸੂਰਤ ਹੈ ਅਤੇ ਸਾਨੂੰ ਹਰ ਰੋਜ਼ ਖਿੜੇ ਮੱਥੇ, ਸਤਿਕਾਰ ਅਤੇ ਪਿਆਰ ਨਾਲ ਇੱਕ ਦੂਜੇ ਨੂੰ ਮਿਲਣਾ ਚਾਹੀਦਾ ਹੈ। ਜੀਵਨ ਦੀ ਭੱਜ ਦੌੜ, ਉਦਾਸੀ ਚਿੰਤਾ, ਪਰੇਸ਼ਾਨੀਆਂ ਅਤੇ ਮਨੋਵਿਗਿਆਨਕ ਉਲਝਨਾਂ ਤੋ ਨਿਜਾਤ ਪਾਉਣ ਲਈ ਧਿਆਨ, ਯੋਗ ਅਤੇ ਸਕਾਰਤਾਮਕ ਸੋਚ ਨੂੰ ਅਪਣਾਉਣ ਦੀ ਲੋੜ ਹੈ। ਉਨ੍ਹਾਂ ਇਹ ਵੀ ਕਿਹਾ ਕਿ ਖੁਸ਼ੀ ਇੱਕ ਅੰਦਰੂਨੀ ਅਹਿਸਾਸ ਹੈ ਜੋ ਆਪਣੀ ਸੋਚ ਅਤੇ ਰੁਝਾਨ ਨਾਲ ਵਧਾਈ ਜਾ ਸਕਦੀ ਹੈ। ਡਾ. ਕਵਿਤਾ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਸਕਾਰਾਤਮਕ ਸੋਚ ਅਪਣਾਉਣ, ਹਾਰ ਜਿੱਤ ਨੂੰ ਸਵੀਕਾਰ ਕਰਨ ਅਤੇ ਛੋਟੀਆਂ ਪ੍ਰਾਪਤੀਆਂ ਤੇ ਵੀ ਖੁਸ਼ ਰਹਿਣ ਦੀ ਪ੍ਰੇਰਣਾ ਦਿੱਤੀ। ਸੈਮੀਨਾਰ ਵਿੱਚ ਪੀ.ਐੱਸ.ਟੈਟ ਵਿੱਚ ਸਫਲਤਾ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ। ਆਯੋਜਕਾਂ ਵੱਲੋਂ ਮੁੱਖ ਵਕਤਾ ਨੂੰ ਯਾਦਾਸ਼ਤ ਚਿੰਨ੍ਹ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਨਸ਼ਾ ਮੁਕਤ ਪੰਜਾਬ ਕਿਵੇਂ ? ਵਿਸ਼ੇ 'ਤੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸੈਮੀਨਾਰ ਆਯੋਜਿਤ

# ਨੌਜਵਾਨ ਪੀੜ੍ਹੀ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਮਾਦਾ ਹੈ- ਡਾ. ਜਸਪਾਲ



**ਤਲਵੰਡੀ ਸਾਬੋ, 23 ਮਈ (ਗੁਰਜੰਟ ਸਿੰਘ ਨਥੇਹਾ)**- ਰਾਜ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਂਦੇ ਹੋਏ, ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ, ਦੇ ਡਾਇਰੈਕਟੋਰੇਟ ਆਫ਼ ਸਪੋਰਟਸ ਵੱਲੋਂ ਨਸ਼ਾ ਮੁਕਤ ਪੰਜਾਬ ਕਿਵੇਂ...? ਵਿਸ਼ੇ 'ਤੇ ਸੈਮੀਨਾਰ ਆਯੋਜਿਤ ਕੀਤਾ ਗਿਆ। ਜਿਸ ਵਿੱਚ ਪ੍ਰੋ.(ਡਾ.)ਰਾਮੇਸ਼ਵਰ ਸਿੰਘ, ਉਪ ਕੁਲਪਤੀ ਨੇ ਵਿਸ਼ੇਸ਼ ਮਹਿਮਾਨ ਤੇ ਡਾ. ਜਸਪਾਲ ਸਿੰਘ, ਨਸ਼ਾ ਮੁਕਤ ਚੇਤਨਾ ਸੰਘ, ਮਾਨਸਾ ਨੇ ਮੁੱਖ ਬੁਲਾਰੇ ਵੱਜੋਂ ਸ਼ਿਰਕਤ ਕੀਤੀ। ਸੈਮੀਨਾਰ ਵਿੱਚ ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ ਤੇ ਲਗਭਗ 250 ਵਿਦਿਆਰਥੀ ਹਾਜ਼ਰ ਹੋਏ। ਇਸ ਮੌਕੇ ਉਪ ਕੁਲਪਤੀ ਡਾ. ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਹੁਣ ਨਸ਼ੇ ਤੋਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਸਗੋਂ ਸਾਨੂੰ ਵੱਧ ਚੜ੍ਹ ਕੇ ਨਸ਼ੇ ਵਰਗੀ ਨਾ-ਮੁਰਾਦ ਬਿਮਾਰੀ ਵਿਰੁੱਧ ਬੋਲਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੇ ਖਾਤਮੇ ਲਈ ਸਾਡਾ ਚੇਤਨ ਤੇ ਜਾਗਰੁਕ ਹੋਣ ਜ਼ਰੂਰੀ ਹੈ। ਉਹਨਾਂ ਨੌਜਵਾਨਾਂ ਨੂੰ ਨਸ਼ੇ ਵਿਰੁੱਧ ਆਪਣੀ ਆਵਾਜ਼ ਚੁੱਕਣ ਦੇ ਨਾਲ-ਨਾਲ ਇਸ ਦੀ ਸੂਚਨਾ ਸਬੰਧਿਤ ਅਧਿਕਾਰੀਆਂ ਨੂੰ ਦੇਣ ਦੀ ਪ੍ਰੇਰਣਾ ਵੀ ਦਿੱਤੀ। ਉਹਨਾਂ ਵਰਸਿਟੀ ਵੱਲੋਂ ਨਸ਼ੇ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਠੋਸ ਸਮਾਜ ਦੇ ਨਿਰਮਾਣ ਵਿੱਚ ਵਰਸਿਟੀ ਆਪਣਾ ਯੋਗਦਾਨ ਪਾ ਰਹੀ ਹੈ। ਮੁੱਖ ਬੁਲਾਰੇ ਡਾ. ਜਸਪਾਲ ਨੇ ਇਤਿਹਾਸ ਦੇ ਪੰਨਿਆਂ ਨੂੰ ਫਰੋਲਦੇ ਹੋਏ ਕਿਹਾ ਕਿ ਪੱਛਮੀ ਤੇ ਵਿਦੇਸ਼ੀ ਸੱਭਿਅਤਾ ਨੇ ਸਾਡੇ ਸਮਾਜਿਕ ਤੇ ਪਰਿਵਾਰਕ ਤਾਣੇ ਬਾਣੇ ਨੂੰ ਤੋੜ ਕੇ ਰੱਖ ਦਿੱਤਾ ਹੈ। ਉਹਨਾਂ ਨੇ ਯੁਵਾ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ, ਸੱਭਿਆਚਾਰ ਨਾਲ ਜੁੜਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਸਾਨੂੰ ਸੱਚੇ ਇਨਸਾਨ ਬਣਨ ਦੀ ਲੋੜ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਨਸ਼ੇ ਦੇ ਖਾਤਮੇ ਲਈ ਜੋ ਲੋਕ ਨਸ਼ਾ ਨਹੀਂ ਕਰਦੇ ਉਹਨਾਂ ਦੀ ਜ਼ਿੰਮੇਵਾਰੀ ਵੱਧ ਜਾਂਦੀ ਹੈ। ਉਨ੍ਹਾਂ ਸਾਰਿਆਂ ਨੂੰ ਨਸ਼ਾ ਕਰਨ ਵਾਲਿਆਂ ਨੂੰ ਨਸ਼ਾ ਮੁਕਤ ਕਰਨ ਵਾਸਤੇ ਮਨੋਵਿਗਿਆਨਿਕ ਅਤੇ ਸਹਿਯੋਗੀ ਸਾਥ ਦੇਣ ਦੀ ਗੱਲ ਤੇ ਜ਼ੋਰ ਦਿੱਤਾ। ਉੱਨ੍ਹਾਂ ਕਿਹਾ ਕਿ ਨੌਜਵਾਨ ਵਰਗ ਆਪਣੀ ਇੱਛਾ ਸ਼ਕਤੀ, ਮਿਹਨਤ, ਪੱਕੇ ਇਰਾਦੇ, ਜੋਸ਼ ਅਤੇ ਜ਼ਜਬੇ ਨਾਲ ਪੰਜਾਬ ਨੂੰ ਨਸ਼ਾ ਮੁਕਤ ਕਰ ਸਕਦੇ ਹਨ। ਉਨ੍ਹਾਂ ਸਾਰਿਆਂ ਨੂੰ ਨਸ਼ੇ ਵਿਰੁਧ ਆਪਣੀ ਖਾਮੋਸ਼ੀ ਤੋੜ ਕੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਡਾ. ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ, ਨੇ ਮੁੱਖ ਬੁਲਾਰੇ ਦੀ ਜਾਣ ਪਹਿਚਾਣ ਅਤੇ ਸਭਨਾਂ ਦਾ ਸਵਾਗਤ ਕਰਦੇ ਕਿਹਾ ਕਿ 'ਵਰਸਿਟੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਹਟਾ ਕੇ ਖੇਡ ਮੈਦਾਨਾਂ ਵਿੱਚ ਲੈ ਕੇ ਆ ਰਹੀ ਹੈ, ਜਿਸ ਨਾਲ ਉਹਨਾਂ ਦੇ ਹੁਨਰ ਦਾ ਸਹੀ ਉਪਯੋਗ ਕੀਤਾ ਜਾ ਸਕੇ, ਕਿਉਂਕਿ ਖੇਡਾਂ ਇਨਸਾਨ ਨੂੰ ਅਨੁਸ਼ਾਸਨ ਵਿੱਚ ਰਹਿਣਾ ਸਿਖਾਉਂਦੀਆਂ ਹਨ। ਡਾ. ਜਸਵਿੰਦਰ ਸਿੰਘ, ਐਸੋਸੀਏਟ ਡੀਨ, ਫੈਕਲਟੀ ਆਫ਼ ਫਿਜੀਕਲ ਐਜੂਕਸ਼ਨ ਦੇ ਵੰਲਟੀਅਰਾਂ ਦੀ ਟੀਮ ਦਾ ਪ੍ਰਬੰਧਨ ਕਾਬਿਲ-ਏ-ਤਰੀਫ਼ ਰਿਹਾ। ਆਯੋਜਕਾਂ ਵੱਲੋਂ ਸਾਰਿਆਂ ਨੂੰ ਨਸ਼ੇ ਵਿਰੁੱਧ ਖੜ੍ਹੇ ਹੋਣ ਦੀ ਸਹੁੰ ਚੁਕਾਈ ਗਈ ਤੇ ਮੁੱਖ ਬੁਲਾਰੇ ਨੂੰ ਯਾਦਾਸ਼ਤ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਲੋਹਾਖੇੜਾ, ਰੱਤੋਕੇ ਅਤੇ ਤੱਕੀਪੁਰ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ

# ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਚੁਕਾਈ ਸਹੁੰ

**ਸੁਨਾਮ ( ਰਣਜੀਤ ਸਿੰਘ ਪੇਧਨੀ )**-ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਵਿਧਾਨ ਸਭਾ ਹਲਕਾ ਸੁਨਾਮ ਦੇ ਹਰ ਇੱਕ ਪਿੰਡ ਅਤੇ ਸ਼ਹਿਰੀ ਖੇਤਰ ਨੂੰ ਨਸ਼ਾ ਮੁਕਤ ਕਰਨ ਦੀ ਮੁਹਿੰਮ ਜੋਸ਼ੋ-ਖਰੋਸ਼ ਨਾਲ ਚੱਲ ਰਹੀ ਹੈ ਅਤੇ ਵੱਖ-ਵੱਖ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਦੀ ਭਰਵੀਂ ਇਕੱਤਰਤਾ ਹੋ ਰਹੀ ਹੈ। ਇਸੇ ਲੜੀ ਤਹਿਤ ਪਿੰਡ ਲੋਹਾਖੇੜਾ, ਰੱਤੋਕੇ ਅਤੇ ਤੱਕੀਪੁਰ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਅਤੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ ਗਈ। ਇਸ ਮੌਕੇ ਐੱਸ.ਡੀ.ਐਮ., ਚਰਨਜੋਤ ਸਿੰਘ ਵਾਲੀਆ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪ੍ਰਣ ਕਰ ਕੇ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਐੱਸ.ਡੀ.ਐਮ. ਨੇ ਕਿਹਾ ਕਿ ਜਾਗਰੂਕਤਾ ਮੀਟਿੰਗਾਂ ਵਿੱਚ ਪਹੁੰਚਣ ਵਾਲੇ ਲੋਕਾਂ ਦਾ ਵੀ ਇਹ ਫਰਜ਼ ਬਣਦਾ ਹੈ ਕਿ ਉਹ ਇਥੋਂ ਮਿਲਣ ਵਾਲੇ ਸੁਨੇਹੇ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ-ਮਿੱਤਰਾਂ, ਗੁਆਂਢੀਆਂ ਅਤੇ ਹੋਰ ਪਤਵੰਤਿਆਂ ਨਾਲ ਨਿਰੰਤਰ ਸਾਂਝਾ ਕਰਦੇ ਰਹਿਣ ਕਿਉਂਕਿ ਲੋਕ ਲਹਿਰ ਬਣਨ ਨਾਲ ਹੀ ਅਜਿਹੀਆਂ ਸਮਾਜਿਕ ਬੁਰਾਈਆਂ ਦਾ ਖਾਤਮਾ ਸੰਭਵ ਹੁੰਦਾ ਹੈ। ਇਹ ਮੁਹਿੰਮ ਜ਼ਰੂਰ ਹੀ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰੇਗੀ। ਐੱਸ.ਡੀ.ਐਮ. ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਹਰੇਕ ਨਾਗਰਿਕ ਤੱਕ ਸਿੱਧੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਨਸ਼ਾ ਮੁਕਤੀ ਯਾਤਰਾ ਆਰੰਭ ਕੀਤੀ ਗਈ ਹੈ ਤਾਂ ਜੋ ਲੋਕਾਂ ਤੋਂ ਸਿੱਧੀ ਫੀਡਬੈਕ ਲੈ ਕੇ ਨਸ਼ਿਆਂ ਦੀ ਸਪਲਾਈ ਲਾਈਨ ਤੋੜੀ ਜਾ ਸਕੇ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਮੁਫਤ ਅਤੇ ਢੁਕਵਾਂ ਇਲਾਜ ਕਰਵਾਇਆ ਜਾ ਸਕੇ। ਇਸ ਮੌਕੇ ਪੀ.ਏ. ਸੰਜੀਵ ਕੁਮਾਰ, ਜਰਨੈਲ ਸਿੰਘ ਸਰਪੰਚ ਲੋਹਾਖੇੜਾ, ਜਸਪਾਲ ਸਿੰਘ ਸਰਪੰਚ ਤੱਕੀਪੁਰ, ਹਰਦੀਪ ਕੌਰ ਸਰਪੰਚ ਰੱਤੋਕੇ, ਬਲਜਿੰਦਰ ਸਿੰਘ, ਸੁਖਪਾਲ ਸਿੰਘ, ਮਨੀ ਰੱਤੋਕੇ, ਗੁਰਦੀਪ ਸਿੰਘ ਤੱਕੀਪੁਰ, ਜੋਗਾ ਸਿੰਘ ਬਾਠ ਤੱਕੀਪੁਰ, ਰਸ਼ਪਾਲ ਸਿੰਘ ਰੱਤੋਕੇ, ਬਲਵਿੰਦਰ ਸਿੰਘ ਸਰਪੰਚ, ਲਾਭ ਸਿੰਘ ਨੀਲੋਵਾਲ, ਮਨਿੰਦਰ ਸਿੰਘ ਸਰਪੰਚ, ਲਵਦੀਪ ਸ਼ਰਮਾ ਜ਼ਿਲ੍ਹਾ ਕੋਆਰਡੀਨੇਟਰ, ਸੰਦੀਪ ਦੁੱਗਾਂ, ਮਨੀ ਸਾਰੋਂ, ਐੱਸ.ਐੱਚ.ਓ. ਲੌਂਗੋਵਾਲ ਬਲਵੰਤ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਪਿੰਡਾਂ ਦੇ ਪੰਚ ਸਰਪੰਚ ਅਤੇ ਪਿੰਡ ਵਾਸੀ ਹਾਜ਼ਰ ਸਨ।






ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਰਾਜ ਦੀ ਸਥਾਪਤੀ ਬਿਨਾਂ ਸਿੱਖਾਂ ਦੀ ਗਤਿ ਨਹੀਂ ਹੋਣੀ: ਸਰਨਜੀਤ ਸਿੰਘ ਕੈਨੇਡਾ



**ਨਵੀਂ ਦਿੱਲੀ 23 ਮਈ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਦੇ ਮੌਂਟਰੀਆਲ ਰਹਿ ਰਹੇ ਸਰਨਜੀਤ ਸਿੰਘ ਅਤੇ ਨਵਦੀਪ ਸਿੰਘ ਨੇ ਪੰਥ ਤੇ ਚਲ ਰਹੇ ਮੌਜੂਦਾ ਦੌਰ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਕਿਸੇ ਵੀ ਕੌਮ ਦੀ ਨਸਲਕੁਸ਼ੀ ਕਰਨ ਲਈ ਕੌਮ ਖ਼ਤਮ ਨਹੀਂ ਕਰਨੀ ਹੁੰਦੀ ਜਾਂ ਪਿੰਡਾਂ ਦੇ ਪਿੰਡਾਂ ਦਾ ਕਤਲੇਆਮ ਕਰਨ ਦੀ ਲੋੜ ਨਹੀਂ ਹੁੰਦੀ ਬਲਕਿ ਜੇ ਜਿਉਂਦੀਆਂ ਜਾਗਦੀਆਂ ਕੌਮਾਂ ਆਪਣੀ ਵਿਰਾਸਤ ਅਤੇ ਆਪਣੇ ਧਰਮ ਤੋਂ ਟੁੱਟ ਜਾਣ ਤਾਂ ਉਹ ਸਭ ਤੋਂ ਭਿਆਨਕ ਨਸਲਕੁਸ਼ੀ ਹੀ ਹੁੰਦੀ ਹੈ। ਅਜ ਦੀ ਮੌਜੂਦਾ ਸਰਕਾਰ ਦਾ ਪੂਰਾ ਜ਼ੋਰ ਲਗਾ ਹੋਇਆ ਹੈ ਕਿ ਓਹ ਹਰ ਹਾਲ ਵਿਚ ਸਿੱਖ ਪੰਥ ਅੰਦਰ ਨਵੇਂ ਤੋਂ ਨਵੇਂ ਵੱਖਰੇਵੇਂ ਖੜੇ ਕਰਕੇ ਪੰਥ ਦੀ ਐਨਰਜੀ ਖਰਾਬ ਕਰਦੇ ਰਹਿਣ ਦੀ । ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨੂੰ ਸੰਸਾਰ ਭਰ 'ਚ ਸਰਾਹਿਆ ਜਾਂਦਾ ਹੈ। ਸਾਰੇ ਹੁਕਮਰਾਨ ਕਹਿੰਦੇ ਹਨ ਕਿ ਸਿੱਖ ਰਾਜ ਬਹੁਤ ਚੰਗਾ ਸੀ ਪਰ ਅੱਜ ਜਦੋਂ ਨੌਜਵਾਨ ਉਸ ਰਾਜ ਨੂੰ ਵਾਪਸ ਲਿਆਉਣ ਦੀ ਗੱਲ ਕਰਦੇ ਹਨ ਤਾਂ ਉਨ੍ਹਾਂ ਨੂੰ ਜੇਲ੍ਹਾਂ 'ਚ ਕਿਉਂ ਸੁੱਟਿਆ ਜਾਂਦਾ ਹੈ। ਹਕੂਮਤਾਂ ਸਿੱਖਾਂ ਦੇ ਹਿਤੈਸੀ ਹੋਣ ਦੀਆਂ ਬਾਹਰੋ ਬਾਹਰ ਗੱਲਾਂ ਕਰਦੀਆਂ ਹਨ ਪਰ ਅੰਦਰੋ ਇਨ੍ਹਾਂ ਨੇ ਸਿੱਖਾਂ ਨੂੰ ਖ਼ਤਮ ਕਰਨ ਦਾ ਤਹੱਈਆਂ ਕੀਤਾ ਹੋਇਆ ਹੈ। ਜਿਹੜੀ ਹਕੂਮਤ ਸਾਨੂੰ ਸਾਡੀ ਪਛਾਣ ਤੋਂ ਤੋੜਨਾ ਚਾਹੁੰਦੀ ਹੈ, ਅਸੀਂ ਉਸ ਪਿੱਛੇ ਕਿਉਂ ਲੱਗਦੇ ਜਾ ਰਹੇ ਹਾਂ । ਜਦਕਿ ਅਜ ਲੋੜ ਹੈ ਮੁੜ ਤੋਂ ਇਕਜੁੱਟ ਹੋ ਕੇ ਖਾਲਸਾ ਰਾਜ ਖਾਲਿਸਤਾਨ ਦੀ ਸਥਾਪਨਾ ਲਈ ਚਲ ਰਹੇ ਸੰਘਰਸ਼ ਨੂੰ ਬੁਲੰਦੀਆਂ ਤੇ ਲੈ ਕੇ ਜਾਣ ਦੀ ਜਿਸ ਲਈ ਸਾਨੂੰ ਇਕ ਨਿਸ਼ਾਨ ਸਾਹਿਬ ਦੀ ਛੱਤ੍ਰਛਾਇਆ ਹੇਠ ਆਪਸੀ ਵੈਰ ਵਿਰੋਧ ਨੂੰ ਤਿਆਗ ਕੇ ਇੱਕਠੇ ਹੋਣਾ ਪਵੇਗਾ । ਸਾਨੂੰ ਇਹ ਵੀਂ ਨਹੀਂ ਭੁਲਣਾ ਚਾਹੀਦਾ ਕਿ ਸਿੱਖਾਂ ਦੀ ਗਤਿ ਵੀਂ ਆਪਣੇ ਰਾਜ ਤੋਂ ਬਿਨਾਂ ਨਹੀਂ ਹੋਣੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

## ਚੇਅਰਮੈਨ ਢਿੱਲੋਂ ਨੇ ਖੇਡਾਂ ਵਿੱਚ ਗੋਲਡ ਮੈਡਲ ਜਿੱਤਣ ਬਦਲੇ ਮੈਡਮ ਪਰਮਜੀਤ ਕੌਰ ਨੂੰ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸੁਪਰ ਮਾਸਟਰ ਨੈਸ਼ਨਲ ਖੇਡਾਂ ਵਿੱਚ ਧਰਮਸ਼ਾਲ,( ਹਿਮਾਚਲ) ਜ਼ਿਲ੍ਹਾ ਸੰਗਰੂਰ ਮੈਂਡਮ ਪਰਮਜੀਤ ਕੌਰ ਨੇ ਸਰਕਾਰੀ ਹਾਈ ਸਕੂਲ ਪੁੰਨਾਵਾਲ ਸਕੂਲ ਦੇ ਬੱਚਿਆਂ ਨੂੰ ਗੋਲਡ ਮੈਡਲ ਜਿਤਾਉਣ ਲਈ ਪੂਰੀ ਮਿਹਨਤ ਕੀਤੀ । ਜਿਸ ਦੇ ਬਦਲੇ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਸ,ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਵੱਲੋਂ ਵਿਸੇਸ ਸਨਮਾਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਢਿੱਲੋਂ ਨੇ ਕਿਹਾ ਕਿਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਦੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਖੇਡਾਂ ਦੇ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਖਿਡਿਆਰੀਆਂ ਨੂੰ ਵੱਡੇ ਪੱਧਰ ਤੇ ਇਨਾਮ ਦਿੱਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਮਿਡਲ ਅਤੇ ਹਾਈ ਸਕੂਲਾਂ ਦੇ ਵਿੱਚ ਜੋ ਵੀ ਬੱਚੇ ਚੰਗਾ ਖੇਡਣਾ ਚਾਹੁੰਦੇ ਹਨ ਉਹਨਾਂ ਨੂੰ ਸਰਕਾਰ ਵੱਲੋਂ ਵਿਸ਼ੇਸ਼ ਸਹਾਇਤਾ ਦਿੱਤੀ ਜਾਵੇਗੀ। ਉਹਨਾਂ ਟੀਚਰਾਂ ਨੂੰ ਕਿਹਾ ਕਿ ਤੁਸੀਂ ਚੰਗਾ ਖੇਡਣ ਵਾਲੇ ਬੱਚਿਆਂ ਨੂੰ ਮਿਹਨਤ ਕਰਵਾਉ ਤਾ ਜੋ ਚੰਗਾ ਖੇਡ ਕੇ ਆਪਣੇ ਸਕੂਲ, ਮਾਤਾ ਪਿਤਾ ਅਤੇ ਇਲਾਕੇ ਦਾ ਨਾਮ ਰੋਸ਼ਨ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਚੇਅਰਮੈਨ ਰਮਨ ਬਹਿਲ ਨੇ ਹਲਕੇ ਦੇ ਵੱਖ-ਵੱਖ ਸਕੂਲਾਂ ਵਿਚ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

**ਗੁਰਦਾਸਪੁਰ, 23 ਮਈ (ਆਵਾਜ਼ਿ ਕੌਮ ਬਿਊਰੋ)** - 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਅੱਜ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਸਰਕਾਰੀ ਹਾਈ ਸਕੂਲ ਸਾਧੂਚੱਕ, ਸਰਕਾਰੀ ਪ੍ਰਾਇਮਰੀ ਸਕੂਲ ਦਿਓਲ, ਸਰਕਾਰੀ ਮਿਡਲ ਤੇ ਹਾਈ ਸਕੂਲ ਗਜ਼ਨੀਪੁਰ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਿਆ। ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਸਰਕਾਰੀ ਹਾਈ ਸਕੂਲ ਸਾਧੂਚੱਕ ਵਿਖੇ ਵਿਕਾਸ ਕਾਰਜਾਂ ਉੱਪਰ 13,14,648 ਰੁਪਏ ਖ਼ਰਚ ਕੀਤੇ ਗਏ ਹਨ ਜਦਕਿ ਸਰਕਾਰੀ ਪ੍ਰਾਇਮਰੀ ਸਕੂਲ ਦਿਓਲ ਉੱਪਰ 4.62 ਲੱਖ ਰੁਪਏ ਅਤੇ ਸਰਕਾਰੀ ਮਿਡਲ ਸਕੂਲ ਅਤੇ ਸਰਕਾਰੀ ਹਾਈ ਸਕੂਲ ਗਜ਼ਨੀਪੁਰ ਦੇ ਵਿਕਾਸ ਕਾਰਜਾਂ ਉੱਪਰ 3.20 ਲੱਖ ਰੁਪਏ ਖ਼ਰਚ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ ਅਤੇ ਹੁਣ ਸਹੂਲਤਾਂ ਤੇ ਪੜ੍ਹਾਈ ਪੱਖੋਂ ਸਰਕਾਰੀ ਸਕੂਲ ਨਿੱਜੀ ਸਕੂਲਾਂ ਨਾਲੋਂ ਵੀ ਅੱਗੇ ਹਨ। ਚੇਅਰਮੈਨ ਸ੍ਰੀ ਰਮਨ ਬਹਿਲ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਰਕਾਰੀ ਸਕੂਲਾਂ ਵਿਚ ਮਾਡਲ ਕਲਾਸ ਰੂਮਾਂ, ਇੰਟਰੈਕਟਿਵ ਪੈਨਲ, ਸਮੇਂ ਮੁਤਾਬਿਕ ਬੁਨਿਆਦੀ ਢਾਂਚੇ ਦੀ ਸਥਾਪਤੀ ਅਤੇ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਜੋ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਨਿਸ਼ਚਿਤ ਤੌਰ 'ਤੇ ਲਾਹੇਵੰਦ ਸਾਬਿਤ ਹੋ ਰਹੀਆਂ ਹਨ, ਜਿਸ ਨਾਲ ਸਰਕਾਰੀ ਸਕੂਲਾਂ ਵਿੱਚ ਵਿੱਦਿਆ ਦੇ ਪੱਧਰ ਵਿੱਚ ਵੀ ਵੱਡਾ ਸੁਧਾਰ ਹੋਇਆ ਹੈ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਅਤੇ ਖੇਡਾਂ ਵਿੱਚ ਹੋਰ ਮਿਹਨਤ ਕਰਕੇ ਆਪਣੇ ਮਾਪਿਆਂ, ਸਕੂਲ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਲਕਾ ਸਿੱਖਿਆ ਕੁਆਰਡੀਨੇਟਰ ਸ੍ਰੀ ਅਸ਼ਵਨੀ ਕੁਮਾਰ, ਸਿੱਖਿਆ ਵਿਭਾਗ ਦੇ ਅਧਿਕਾਰੀਆਂ ਅਤੇ ਪਿੰਡਾਂ ਦੇ ਪੰਚ ਸਰਪੰਚ ਅਤੇ ਹੋਰ ਮੁਹਤਬਰ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਗਿਆਨੀ ਪ੍ਰਗਟ ਸਿੰਘ ਭੀਲੋਵਾਲ ਕਥਾਵਾਚਕ ਮਹਾਪੁਰਖਾਂ ਨੂੰ ਗੁਲਦਸਤਾ ਦੇਕੇ ਖੁਸ਼ੀ ਪ੍ਰਾਪਤ ਕਰਦੇ ਹੋਏ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)



ਆਵਾਜ਼ਿ ਕੌਮ AWAZE QAUM International Newspaper & WEB TV

ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਅਤੇ ਡਾ ਅਵਤਾਰ ਸਿੰਘ ਬੁੱਟਰ ਮਹਾਪੁਰਖਾਂ ਨੂੰ ਗੁਲਦਸਤਾ ਦੇਕੇ ਖੁਸ਼ੀ ਪ੍ਰਾਪਤ ਕਰਦੇ ਹੋਏ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)



## ਤੀਸਰੇ ਘੱਲੂਘਾਰੇ ਨੂੰ ਸਮਰਪਿਤ ਸੰਤ ਕਰਤਾਰ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਮੁ਼ਫਤ ਮੈਡੀਕਲ ਜਾਂਚ ਕੈਂਪ ਲਗਾਏ ਜਾਣਗੇ, 24 ਮਈ ਤੋਂ 6 ਜੂਨ ਤੱਕ ਰੋਜ਼ਾਨਾ ਮਾਹਰ ਡਾਕਟਰ ਕਰਨਗੇ ਮਰੀਜ਼ਾਂ ਦੀ ਮੁ਼ਫਤ ਜਾਂਚ

**ਚੌਂਕ ਮਹਿਤਾ 23 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਦੀ ਰਹਿਨੁਮਾਈ ਹੇਠ ਜੂਨ 84 ਦੇ ਤੀਸਰੇ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆਂ ਅਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ-ਵੱਖ ਨਗਰਾਂ ਵਿੱਚ ਕਥਾ ਕੀਰਤਨ ਸਮਾਗਮ ਕਰਵਾਏ ਜਾ ਰਹੇ ਹਨ। ਜਿਸ ਦੌਰਾਨ ਮਹਾਂਪੁਰਖ ਸੰਤ ਗਿਆਨੀ ਹਰਨਾਮ ਸਿੰਘ ਜੀ ਦੀ ਦੀ ਅਗਵਾਈ ਹੇਠ ਸੰਤ ਕਰਤਾਰ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਮੁ਼ਫਤ ਮੈਡੀਕਲ ਜਾਂਚ ਕੈਂਪ ਲਗਾਏ ਜਾ ਰਹੇ ਹਨ। ਜਿਸ ਵਿੱਚ ਖਾਲਸਾ ਮੈਮੋਰੀਅਲ ਹਸਪਤਾਲ ਮਹਿਤਾ ਦੇ ਡਾਕਟਰ ਗੁਰਪ੍ਰਤਾਪ ਸਿੰਘ ,ਰੁਪਿੰਦਰ ਸਿੰਘ, ਡਾਕਟਰ ਨੰਦਨੀ ,ਡਾਕਟਰ ਸੁਮਨਦੀਪ ਕੌਰ ਵੱਲੋਂ ਜਰੂਰਤਮੰਦਾਂ ਦੀ ਮੁਫਤ ਜਾਂਚ ਕੀਤੀ ਜਾਵੇਗੀ ਅਤੇ ਉਨ੍ਹਾ ਮੁ਼ਫਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਇਹ ਮੈਡੀਕਲ ਜਾਂਚ ਕੈਂਪ ਮਿਤੀ 24 ਮਈ ਨੂੰ ਪਿੰਡ ਬੁਤਾਲਾ, 25 ਮਈ ਨੂੰ ਖੱਬੇ ਰਾਜਪੂਤਾਂ ਤੇ ਚੌਧਰੀਵਾਲ, 26 ਮਈ ਨੂੰ ਜਲਾਲ ਉਸਮਾ ,27 ਮਈ ਨੂੰ ਜੇਠੂਵਾਲ, 28 ਮਈ ਨੂੰ ਗੁਰਦੁਆਰਾ ਰਾਮ ਥੰਮਨ ਸਾਹਿਬ ਮਨੇਸ਼ ,29 ਮਈ ਨੂੰ ਮੈਣੀਆਂ ਕੁਹਾਰਾਂ , 30 ਮਈ ਨੂੰ ਮਹਿਤਾ ਚੌਂਕ ਅਤੇ 31 ਮਈ ਨੂੰ ਚਾਟੀਵਿੰਡ ਵਿਖੇ ਚਲਦੇ ਸਮਾਗਮਾਂ ਦੇ ਦੌਰਾਨ ਲਗਾਏ ਜਾਣਗੇ।ਸੋ ਇਸ ਮੌਕੇ ਸਾਰੇ ਜਰੂਰਤਮੰਦ ਆਪਣੀ ਮੁ਼ਫਤ ਜਾਂਚ ਕਰਵਾ ਸਕਦੇ ਹਨ। ਇਸ ਮੌਕੇ ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ,ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ , ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਐਡਵਾਈਜ਼ਰ ਬੱਬੂ ਜੀ, ਦਿਲਬਾਗ ਸਿੰਘ, ਡਾਕਟਰ ਗੁਰਪ੍ਰਤਾਪ ਸਿੰਘ, ਰੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਅੰਮ੍ਰਿਤਸਰ ਵਿਧਾਨ ਸਭਾ ਹਲਕਾ ਦੱਖਣੀ ਵਿਖੇ ਪੰਜਾਬ ਕਾਂਗਰਸ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਵੱਲੋਂ ਮੀਟਿੰਗਾਂ ਦਾ ਸਿਲਸਿਲਾ ਜਾਰੀ



**ਜੰਡਿਆਲਾ ਗੁਰੂ, 23 ਮਈ ( ਕੁਲਵੰਤ ਸਿੰਘ ਵਿਰਦੀ)**-ਅੱਜ ਅੰਮ੍ਰਿਤਸਰ ਦੇ ਵਿਧਾਨ ਸਭਾ ਹਲਕਾ ਦੱਖਣੀ ਦੇ ਸੁਲਤਾਨਵਿੰਡ ਵਿੱਚ ਸਾਬਕਾ ਕੌਂਸਲਰ ਬਲਦੇਵ ਸੰਧੂ ਦੇ ਗ੍ਰਹਿ ਵਿਖੇ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਦੇ ਲਈ ਮੀਟਿੰਗ ਕੀਤੀ ਗਈ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਦੇ ਵਰਕਿੰਗ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਪਹੁੰਚੇ ਤੇ ਗੱਲਬਾਤ ਕਰਦੇ ਹੋਏ ਉਹਨਾਂ ਦੱਸਿਆ ਕਿ ਸੱਤਾ ਵਿੱਚ ਝੂਠ ਬੋਲ ਕੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਦੋਗਲੀਆਂ ਨੀਤੀਆਂ ਦਾ ਲੋਕਾਂ ਨੂੰ ਪਤਾ ਲੱਗ ਗਿਆ ਹੈ ਤੇ ਲੋਕਾਂ ਦਾ ਇਹਨਾਂ ਤੋਂ ਮੋਹ ਭੰਗ ਹੋ ਗਿਆ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨਾ ਬਿਲਕੁਲ ਤੈਅ ਹੈ ਤੇ ਪੰਜਾਬ ਫਿਰ ਵਿਕਾਸ ਤੇ ਤਰੱਕੀ ਦੀ ਰਾਹ ਤੇ ਦੌੜੇਗਾ ਉਹਨਾਂ ਦੱਸਿਆ ਕਿ ਕਾਂਗਰਸ ਪਾਰਟੀ ਹੀ ਇੱਕ ਅਜਿਹੀ ਪਾਰਟੀ ਹੈ ਜੋ ਹਰ ਵਰਗ ਨੂੰ ਆਪਣੇ ਨਾਲ ਲੈ ਕੇ ਚਲਦੀ ਹੈ ਤੇ ਹਰ ਕਿਸੇ ਦਾ ਬਣਦਾ ਮਾਨ ਸਨਮਾਨ ਉਸ ਨੂੰ ਦਿੰਦੀ ਹੈ। ਇਸ ਮੌਕੇ ਤੇ ਹਾਜ਼ਰ ਬਲਦੇਵ ਸਿੰਘ ਸੰਧੂ ਸਕਤਰ ਸਿੰਘ ਜਸਪਾਲ ਸਿੰਘ ਮਨੀਸ਼ ਬਾਦਲ ਸੰਧੂ ਅੰਮ੍ਰਿਤ ਪਾਲ ਸੋਨੀ ਜੋਬਨਜੀਤ ਸਿੰਘ ਰਣਜੀਤ ਸਿੰਘ ਆਦਿ ਹਾਜਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਚੁਣੇ ਗਏ ਪ੍ਰਧਾਨ ਸ੍ਰ ਜਗਦੀਸ਼ ਸਿੰਘ ਝੀਂਡਾ ਬਹੁਤ ਇਨਸਾਫ਼ ਪਸੰਦ ਤੇ ਧਰਮੀ ਇਨਸਾਨ ਹਨ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 23 ਮਈ ( ਕੁਲਵੰਤ ਸਿੰਘ ਵਿਰਦੀ )**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਚੁਣੇ ਗਏ ਪ੍ਰਧਾਨ ਸ੍ਰ ਜਗਦੀਸ਼ ਸਿੰਘ ਝੀਂਡਾ ਨੂੰ ਵਧਾਈ ਦਿੰਦਿਆਂ ਕਿਹਾ ਸ੍ਰ ਜਗਦੀਸ਼ ਸਿੰਘ ਝੀਂਡਾ ਬਹੁਤ ਹੀ ਨੇਕ ਦਿਲ ਤੇ ਇਨਸਾਫ਼ ਪਸੰਦ ਧਰਮੀ ਇਨਸਾਨ ਹਨ ਅਤੇ ਉਹਨਾਂ ਦੀ ਅਗਵਾਈ ਹੇਠ ਗੁਰੂ ਸਾਹਿਬਾਨਾਂ ਨਾਲ਼ ਸਬੰਧਤ ਹਰਿਆਣਾ'ਚ ਇਤਿਹਾਸਕ ਗੁਰਦੁਆਰਿਆਂ ਵਿੱਚ ਵੱਡਾ ਸੁਧਾਰ ਹੋਵੇਗਾ ਅਤੇ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਦੇ ਨਾਲ ਨਾਲ ਗੁਰੂ ਮਰਯਾਦਾ ਲਾਗੂ ਹੋਵੇਗੀ ਇਸੇ ਹੀ ਕਰਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਵੱਡੀ ਸੇਵਾ ਬਖਸ਼ੀ ਹੈ ਜਿਸ ਵਿੱਚ ਉਹ ਖਰੇ ਉਤਰਨਗੇ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸ੍ਰ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨ ਬਣਨ ਦੀ ਵਧਾਈ ਦਿੰਦੀ ਹੈ, ਉਥੇ ਪ੍ਰਮਾਤਮਾ ਅੱਗੇ ਅਰਦਾਸ ਕਰਦੀ ਹੈ ਕਿ ਜਿਨ੍ਹਾਂ ਉਮੀਦਾ ਕਰਕੇ ਹਰਿਆਣਾ ਦੇ ਲੋਕਾਂ ਨੇ ਉਨ੍ਹਾਂ ਨੂੰ ਇਹ ਉੱਚ ਆਹੁੰਦਾ ਬਖਸ਼ਿਆ ਹੈ ਉਹ ਉਹਨਾਂ ਦੀਆਂ ਉਮੀਦਾਂ ਤੇ ਖਰੇ ਉਤਰਨ ਦੀ ਲੋੜ ਤੇ ਜ਼ੋਰ ਦੇਣਗੇ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ, ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਲੁਧਿਆਣਾ, ਭਾਈ ਸੁਰਿੰਦਰ ਸਿੰਘ ਆਦਮਪੁਰ ਜਲੰਧਰ ਤੇ ਭਾਈ ਵਿਕਰਮ ਸਿੰਘ ਪੰਡੋਰੀ ਨਿੱਝਰ ਨਵਾਂ ਸ਼ਹਿਰ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਚੁਣੇ ਗਏ ਪ੍ਰਧਾਨ ਸ੍ਰ ਜਗਦੀਸ਼ ਸਿੰਘ ਝੀਂਡਾ ਨੂੰ ਵਧਾਈ ਦਿੰਦਿਆਂ ਇਕ ਸਾਂਝੇ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਇਹਨਾਂ ਫੈਡਰੇਸ਼ਨ ਨੇਤਾਵਾਂ ਨੇ ਸਪੱਸ਼ਟ ਕੀਤਾ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਲਈ ਭਾਵੇਂ ਸਾਬਕ ਪ੍ਰਧਾਨ ਭਾਈ ਬਲਜੀਤ ਸਿੰਘ ਦਾਦੂਵਾਲ ਤੇ ਇੱਕ ਹੋਰ ਉਮੀਦਵਾਰ ਮੈਦਾਨ''ਚ ਉਤਰੇ ਸਨ, ਪਰ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸ੍ਰ ਜਗਦੀਸ਼ ਸਿੰਘ ਝੀਂਡਾ ਨੂੰ ਵੱਡੀ ਗਿਣਤੀ ਵਿੱਚ ਵੋਟਾਂ ਪਾ ਕੇ ਜਿੱਤ ਦਾ ਸਿਹਰਾ ਬੰਨ੍ਹ ਦਿੱਤਾ, ਇਨ੍ਹਾਂ ਨੇਤਾਵਾਂ ਨੇ ਦੱਸਿਆ ਝੀਂਡਾ ਦੇ ਪ੍ਰਧਾਨ ਬਣਨ ਤੇ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਮੁੱਖੀ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਤੇ ਬੀਬੀ ਅਮਰਜੀਤ ਕੌਰ ਕੌਮੀ ਪ੍ਰਧਾਨ ਇਸਤਰੀ ਵਿੰਗ ਤੋਂ ਇਲਾਵਾ ਕਈ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂਆਂ ਵੱਲੋਂ ਵਧਾਈ ਦਿੱਤੀ ਗਈ, ਭਾਈ ਖਾਲਸਾ ਨੇ ਦੱਸਿਆ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੀ ਅਗਵਾਈ'ਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੂੰ ਅਣਗੌਲਿਆਂ ਕਰਨ ਦੇ ਵੱਡੇ ਦੋਸ਼ ਵਜੋਂ ਹਰਿਆਣਾ ਦੇ ਮੈਂਬਰਾਂ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਖਰੀ ਬਣਾਉਣ ਲਈ ਚਾਰਾਜੋਈ ਕੀਤੀ ਅਤੇ ਸਰਕਾਰ ਵੱਲੋਂ ਉਨ੍ਹਾਂ ਨੂੰ ਮਾਨਤਾ ਮਿਲ ਗਈ, ਫੈਡਰੇਸ਼ਨ ਨੇਤਾਵਾਂ ਨੇ ਦੱਸਿਆ ਹੁਣ ਹਰਿਆਣਾ ਗੁਰਦੁਆਰਾ ਪ੍ਰਬੰਧਕ ਦੇ ਮੈਂਬਰਾਂ ਨੇ ਸ੍ਰ ਜਗਦੀਸ਼ ਸਿੰਘ ਝੀਂਡਾ ਨੂੰ ਵੋਟਾਂ ਪਾ ਕੇ ਨਵਾਂ ਪ੍ਰਧਾਨ ਬਣਾ ਦਿੱਤਾ ਹੈ ਅਤੇ ਉਨ੍ਹਾਂ ਨੂੰ ਹਰ ਤਰ੍ਹਾਂ ਸਮਰਥਨ ਕਰਨ ਦੀ ਗੱਲ ਕਹੇ ਦਿਤੀ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਚੁਣੇ ਗਏ ਪ੍ਰਧਾਨ ਸ੍ਰ ਜਗਦੀਸ਼ ਸਿੰਘ ਝੀਂਡਾ ਨੂੰ ਵਧਾਈ ਦਿੰਦੀ ਹੋਈ ਅਰਦਾਸ ਕਰਦੀ ਹੈ ਕਿ ਉਹ ਆਪਣੀ ਇਸ ਧਾਰਮਿਕ ਜੁਮੇਵਾਰੀ ਨੂੰ ਇਮਾਨਦਾਰੀ ਮਿਹਨਤ ਤੇ ਤਜਰਬੇ ਨਾਲ ਨਿਭਾਉਣਗੇ, ਉਥੇ ਉਨ੍ਹਾਂ ਵੱਲੋਂ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਸੇਵਾਵਾਂ ਲਈ ਕੋਈ ਤਨਖਾਹ ਜਾ ਤੇਲ ਨਾ ਲੈਣ ਵਾਲੇ ਕੀਤੇ ਐਲਾਨ ਦੀ ਹਮਾਇਤ ਅਤੇ ਸ਼ਲਾਘਾ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਮੈਟ੍ਰਿਕ ਵਿੱਚੋਂ

# ਚੰਗੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ



**ਫ਼ਿਰੋਜ਼ਪੁਰ, 23 ਮਈ (ਮਨੋਹਰ ਲਾਲ) :—** ਫਿਰੋਜ਼ਪੁਰ ਜ਼ਿਲੇ ਦੀ ਨਾਮਵਾਰ ਸਿੱਖਿਆ ਸੰਸਥਾ ਜੋ ਕਿ ਦਮਦਮੀ ਟਕਸਾਲ ਮਹਿਤਾ ਅਤੇ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਚੱਲ ਰਹੀ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਮੈਟ੍ਰਿਕ ਨਤੀਜਿਆਂ ਵਿੱਚ ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ 100 ਫੀਸਦੀ ਰਿਹਾ, ਜਿਸ ਵਿੱਚ ਸੁਖਪ੍ਰੀਤ ਕੌਰ ਨੇ 93 ਪ੍ਰਤੀਸ਼ਤ ਨੰਬਰ ਪ੍ਰਾਪਤ ਕਰਕੇ ਪਹਿਲਾਂ ਸਥਾਨ ਹਾਸਲ ਪ੍ਰਾਪਤ ਕੀਤਾ ਅਤੇ ਪ੍ਰਭਜੋਤ ਕੌਰ ਨੇ 90 ਫੀਸਦੀ ਨੰਬਰ ਪ੍ਰਾਪਤ ਕਰਕੇ ਦੂਸਰਾ ਸਥਾਨ ਹਾਸਲ ਪ੍ਰਾਪਤ ਕੀਤਾ ਅਤੇ ਹਰਪ੍ਰੀਤ ਕੌਰ ਨੇ 89 ਪ੍ਰਤੀਸ਼ਤ ਨੰਬਰ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਬਹੁਤੇ ਵਿਦਿਆਰਥੀਆਂ ਨੇ 85 ਫੀਸਦੀ ਤੋਂ ਉਪਰ ਨੰਬਰ ਪ੍ਰਾਪਤ ਕੀਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਅਤੇ ਅਧਿਆਪਕ ਸਾਹਿਬਾਨਾਂ ਨੂੰ ਵਧਾਈ ਦਿੱਤੀ ਅਤੇ ਇਹ ਜਾਣਕਾਰੀ ਸਾਂਝੀ ਕੀਤੀ ਕਿ ਛੇ ਵਿਦਿਆਰਥੀਆਂ ਦੇ ਅੰਗਰੇਜ਼ੀ ਵਿਸ਼ੇ ਵਿੱਚੋਂ 100 ਫੀਸਦੀ ਨੰਬਰ ਆਏ ਹਨ ਇਸੇ ਤਰ੍ਹਾਂ ਕੰਪਿਊਟਰ ਵਿਸ਼ੇ ਵਿੱਚੋਂ ਵੀ ਚਾਰ ਵਿਦਿਆਰਥੀਆਂ ਦੇ 100 ਫੀਸਦੀ ਨੰਬਰ ਆਏ ਹਨ। ਪ੍ਰਿੰਸੀਪਲ ਮੈਡਮ ਵੱਲੋਂ ਅੰਗਰੇਜ਼ੀ ਵਿਸ਼ੇ ਨੂੰ ਪੜ੍ਹਾਉਣ ਵਾਲੇ ਅਧਿਆਪਕ ਮੈਡਮ ਅੰਜੂ ਬਾਲਾ ਦਾ ਬਹੁਤ ਧੰਨਵਾਦ ਕੀਤਾ ਗਿਆ, ਇਸੇ ਤਰ੍ਹਾਂ ਕੰਪਿਊਟਰ ਵਿਸ਼ਾ ਪੜ੍ਹਾਉਣ ਵਾਲੇ ਮੈਡਮ ਗੁਰਜੰਟ ਕੌਰ ਨੂੰ ਵੀ ਮੁਬਾਰਕ ਦਿੱਤੀ ਗਈ ਅਤੇ ਪ੍ਰਿੰਸੀਪਲ ਮੈਡਮ ਨੇ ਬੱਚਿਆਂ ਨੂੰ ਕਿਹਾ ਕਿ ਇਸੇ ਤਰ੍ਹਾਂ ਮਿਹਨਤ ਕਰਕੇ ਆਉਣ ਵਾਲੇ ਸਮੇਂ ਵਿੱਚ ਇਹ ਵਿਦਿਆਰਥੀ ਗਿਆਰਵੀਂ ਅਤੇ 12ਵੀਂ ਜਮਾਤ ਵਿੱਚ ਚੰਗੇ ਨੰਬਰ ਹਾਸਲ ਕਰਕੇ ਮੈਰਿਟ ਵਿੱਚ ਸਥਾਨ ਪ੍ਰਾਪਤ ਕਰਨਗੇ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਹੋਏ ਵਿਦਿਆਰਥੀਆਂ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਸੀ ਅਤੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।

### ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ

# ਮਲੇਰੀਆ ਜਾਗਰੂਕ ਕੈਂਪ ਲਗਾਇਆ ਗਿਆ



**ਫ਼ਿਰੋਜ਼ਪੁਰ, 23 ਮਈ (ਮਨੋਹਰ ਲਾਲ) :—** ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਹੈਲਥ ਡਿਪਾਰਟਮੈਂਟ ਸਬ ਸੈਂਟਰ ਗੁਰੂਹਰਸਹਾਏ ਵੱਲੋਂ ਮਲੇਰੀਆ ਜਾਗਰੂਕ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਨਰਿੰਦਰ ਸਿੰਘਠ ਮੈਡਮ ਰੇਨੂ ਬਾਲਾਠ ਮੈਡਮ ਬਲਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਮਲੇਰੀਏ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਮੌਕੇ ਟੀਮ ਨੇ ਬੱਚਿਆਂ ਨੂੰ ਮਲੇਰੀਏ ਦੇ ਲੱਛਣਾਂ ਅਤੇ ਬਚਾਓ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ ਅਤੇ ਪਨਪਦੇ ਮੱਛਰਾਂ ਤੋਂ ਬਚਾਓ ਦੀ ਅਪੀਲ ਕੀਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਨੇ ਹੈਲਥ ਡਿਪਾਰਟਮੈਂਟ ਸਬ ਸੈਂਟਰ ਗੁਰੂਹਰਸਹਾਏ ਤੋਂ ਆਏ ਸਟਾਫ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਜੀ ਆਇਆ ਆਖਿਆ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਵੇਖੋ ਨਸ਼ਿਆਂ ਦੇ ਸੁਦਾਗਰ, ਖਾਣ, ਵੇਚਣ ਵਾਲੇ ਵਾਲਿਆਂ ਦੀ ਜਿਓ, ਜਿਓ ਦਵਾ ਕੀ ਮਰਜ ਬੜਤੀ ਗਈ ਜਾਂ ਫਿਰ ਮਾਨਯੋਗ ਡੀ.ਜੀ.ਪੀ ਦਾ ਫੁਰਮਾਨ ਬਾਰਡਰ ਲਾਇਨ ਮਈ 31, 2025 ਪੰਜਾਬ ਨਸ਼ਾ ਮੁਕਤ—ਪੀ.ਸੀ ਕੁਮਾਰ




**ਫ਼ਿਰੋਜ਼ਪੁਰ, 23 ਮਈ (ਮਨੋਹਰ ਲਾਲ) :—** ਭਾਰਤ ਦਾ ਇਕ ਵਫਾਦਾਰ ਨਾਗਰਿਕ, ਜਨਤਾ ਦਾ ਸੇਵਕ, ਸੀਨੀਅਰ ਸਿਟੀਜਨ, ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ, ਸਮਾਜ ਸੁਧਾਰਕ ਬਲਕਿ ਹਡਬੀਤੀ ਪਿਛਲੇ 65 ਸਾਲਾਂ ਤੋਂ ਇਨ੍ਹਾਂ ਪਿੰਡਾਂ ਵਿਚ ਜੰਮਿਆ, ਪਲਿਆ, ਖੇਡਿਆਂ, ਪੜਿਆ, ਨੌਕਰੀ ਕੀਤੀ ਤੇ ਸੇਵਾ ਮੁਕਤੀ ਮਗਰੋਂ ਅੱਜ 27 ਸਾਲਾਂ ਤੋਂ ਮੁਕੰਮਲ ਤੌਰ ਤੇ ਇਨ੍ਹਾਂ ਨਸ਼ਿਆਂ ਵਿਰੁੱਧ ਨੌਕਰੀ ਦੌਰਾਨ ਜ਼ੋ ਸਰਕਾਰਾਂ ਵਲੋਂ ਇਨ੍ਹਾਂ ਨਸ਼ਿਆਂ ਪਿਛੇ ਵੱਡੇ—ਵੱਡੇ ਸੁਦਾਗਰ ਬਿਓਪਾਰੀ, ਰਜਵਾੜਾਸ਼ਾਹੀ। ਨੌਕਰੀਸ਼ਾਹੀ ਜ਼ੋ ਇਕ ਪਾਸੇ ਇਸ ਨੂੰ ਖਤਮ ਕਰਨ, ਦੂਜੇ ਪਾਸੇ ਇਸ ਵਿਚ ਹਿੱਸੇਦਾਰੀ ਕਰ ਕਰੋੜਾਂ ਨਹੀਂ, ਇਸ ਤੋਂ ਕਿਤੇ ਵੱਧ ਨਾਲ ਹੀ ਪੈਰਲਿਲ ਸਰਕਾਰਾਂ ਚਲਾ ਅੱਜ ਇਸ ਪੰਜਾਬ ਨੂੰ ਤੇ ਪੰਚਾਬਿਅਤ ਨੂੰ ਖਤਮ ਕਰਨ ਦੇਸ਼ਾਂ, ਪ੍ਰਦੇਸ਼ਾਂ ਵਿਚ ਅੱਜ ਪੰਚਾਇਤ ਬਣਾ ਆਪਣੀਆਂ ਗਲਤ ਅਨਸਰਾਂ ਨੂੰ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਾ ਖਤਮ ਕਰਨ, ਧਰਮ ਜਾਤ ਪਾਤ ਦੇ ਆਧਾਰ ਤੇ ਦੇਸ਼ ਵਿਚ ਅਰਾਜਕਤਾ, ਗੁੰਢਾਗਰਦੀ, ਦੇਸ਼ ਧਾਰਮਿਕ, ਝਗੜੇ ਕਰਾ—ਕਰਾ ਅੱਜ ਨਾ ਕੇਵਲ ਪੰਜਾਬ ਬਲਕਿ ਭਾਰਤ ਦੇ ਕਈ ਸੂਬਿਆਂ ਵਿਚ ਇਨ੍ਹਾਂ ਤਸਕਰਾਂ ਆਪਨਾ ਜਾਲ ਫੈਲਾਇਆ ਹੋਇਆ ਹੈ, ਬਲਕਿ ਇਹ ਸਰਕਾਰਾਂ ਵਿਚ ਰਾਜਨੀਤਕ ਨੇਤਾਵਾਂ ਤੇ ਅਫਸਰਸ਼ਾਹੀ ਵਿਚ ਇਨ੍ਹਾਂ ਦਾ ਬਹੁਤ ਵੱਡਾ ਹੱਥ ਹੈ, ਜਿਸ ਸਦਕਾ ਨਸ਼ਾ, ਪੰਜਾਬ, ਭਾਰਤ ਬਲਕਿ ਦੁਨਿਆਂ ਦਾ ਮਸਲਾ ਬਣੇ ਹਰ ਬੁਰਾਈ ਦਾ ਕਾਰਨ ਬਨ ਨਾਸ਼ ਨਹੀਂ ਵਿਨਾਸ਼ ਬਨ ਗਿਆ ਹੈ।

## ਫਿਰੋਜ਼ਪੁਰ ਚ ਮੁ.ਫਤ ਫਾਇਬ੍ਰੋ ਸਕੈਨ ਕੈਂਪ ਤੇ ਜਿਗਰ ਦੀਆਂ ਬਿਮਾਰੀਆਂ ਦੀ ਜਾਂਚ ਦਾ ਸੁਨਹਿਰੀ ਮੌਕਾ 28 ਮਈ ਨੂੰ—ਅਭਿਸ਼ੇਕ ਅਰੋੜਾ

**ਫ਼ਿਰੋਜ਼ਪੁਰ, 23 ਮਈ (ਮਨੋਹਰ ਲਾਲ) :—** ਫਿਰੋਜ਼ਪੁਰ ਦੇ ਮੋਗਾ ਰੋਡ ਤੇ ਸਥਿਤ ਜੇਨੇਸਿਸ ਅਮਨਦੀਪ ਮਲਟੀਸਪੈਸ਼ਲਟੀ ਹਸਪਤਾਲ ਵੱਲੋਂ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ 28 ਮਈ 2025 ਨੂੰ ਮੁਫ਼ਤ ਫਾਇਬ੍ਰੋ ਸਕੈਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ:



ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਆਮ ਤੌਰ ਤੇ ਲਗਭਗ 4000 ਰੁਪਏ ਦਾ ਇਹ ਟੈਸਟ ਇਸ ਵਿਸ਼ੇਸ਼ ਕੈਂਪ ਦੌਰਾਨ ਬਿਲਕੁਲ ਮੁਫ਼ਤ ਕੀਤਾ ਜਾਵੇਗਾ ਅਤੇ ਇਸ ਵਿਸ਼ੇਸ਼ ਕੈਂਪ ਵਿੱਚ ਮਰੀਜ਼ਾਂ ਦੀ ਜਾਂਚ ਡਾ: ਅਰਸ਼ਦ ਇਕਬਾਲ ਕਾਦਰੀ ਵੱਲੋਂ ਕੀਤੀ ਜਾਵੇਗੀ, ਜੋ ਕਿ ਜਿਗਰ ਦੀਆਂ ਬਿਮਾਰੀਆਂ ਦੇ ਮਹਿਰ ਹਨ। ਗੱਲਬਾਤ ਕਰਦਿਆਂ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਸ ਕੈਂਪ ਦਾ ਮਕਸਦ ਜਿਗਰ ਨਾਲ ਸੰਬੰਧਤ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨੀ ਹੈ। ਕੈਂਪ ਵਿੱਚ ਸਿਰੋਸਿਸ, ਫੈਟੀ ਲਿਵਰ, ਮੋਟਾਪਾ, ਅਲਕੋਹਲਿਕ ਲਿਵਰ, ਕਰੋਨਿਕ ਹੈਪੇਟਾਈਟਿਸ ਬੀ ਤੇ ਸੀ ਸਮੇਤ ਹੋਰ ਜਿਗਰ ਦੀਆਂ ਸਮੱਸਿਆਵਾਂ ਦੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਟੈਸਟ ਤੋਂ 2 ਤੋਂ 3 ਘੰਟੇ ਪਹਿਲਾਂ ਮਰੀਜ਼ ਦਾ ਪੇਟ ਖਾਲੀ ਹੋਣਾ ਲਾਜ਼ਮੀ ਹੈ। ਇਹ ਕੈਂਪ ਸਵੇਰੇ 10:30 ਵਜੇ ਤੋਂ ਦੁਪਹਿਰ 2:00 ਵਜੇ ਤੱਕ ਚੱਲੇਗਾ।

## ਲੋਕ ਭਲਾਈ ਆਰਮੀ ਗਰੁੱਪ ਵੱਲੋਂ ਐਸ.ਐਸ.ਪੀ ਭੁਪਿੰਦਰ ਸਿੰਘ ਦਾ ਵਿਸ਼ੇਸ਼ ਸਨਮਾਨ



**ਫ਼ਿਰੋਜ਼ਪੁਰ, 23 ਮਈ (ਮਨੋਹਰ ਲਾਲ) :—** ਜ਼ਿਲ੍ਹਾ ਫ਼ਿਰੋਜ਼ਪੁਰ ਦੇ ਜਾਬਾਜ ਐਸ.ਐਸ.ਪੀ ਸ੍ਰੀ ਭੁਪਿੰਦਰ ਸਿੰਘ ਵੱਲੋਂ ਇਲਾਕੇ ਵਿਚ ਨਿਭਾਈਆਂ ਜਾ ਰਹੀਆਂ ਵਧੀਆਂ ਸੇਵਾਵਾਂ ਦੇ ਚਲਦਿਆਂ ਲੋਕ ਭਲਾਈ ਆਰਮੀ ਗਰੁੱਪ ਕੋਟ ਕਰੋੜ ਕਲਾਂ ਅਤੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਵੱਲੋਂ ਪ੍ਰਸੰਸਾ ਕਰਨ ਹਿੱਤ ਉੱਚ ਅਧਿਕਾਰੀ ਨਾਲ ਮਿਲਣੀ ਕੀਤੀ ਗਈ। ਇਸ ਮੌਕੇ ਲੋਕ ਭਲਾਈ ਆਰਮੀ ਗਰੁੱਪ ਕੋਟ ਕਰੋੜ ਕਲਾਂ ਦੀ ਟੀਮ ਵੱਲੋਂ ਐਸ.ਐਸ.ਪੀ ਸ੍ਰੀ ਭੁਪਿੰਦਰ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਗੱਲਬਾਤ ਕਰਦਿਆਂ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਬਾਰਡਰ ਏਰੀਆ ਹੋਣ ਕਰਕੇ ਜ਼ਿਲ੍ਹਾ ਫ਼ਿਰੋਜ਼ਪੁਰ ਇਕ ਫਰੰਟ ਤੇ ਕੰਮ ਕਰ ਰਿਹਾ ਸੀ, ਉਸ ਸਮੇਂ ਐਸ.ਐਸ.ਪੀ ਫ਼ਿਰੋਜ਼ਪੁਰ ਸ੍ਰੀ ਭੁਪਿੰਦਰ ਸਿੰਘ ਵੱਲੋਂ ਬਹੁਤ ਸਹਿਜੇ ਅਤੇ ਸਬਰ ਨਾਲ ਸਾਰੀਆਂ ਚੁਣੌਤੀਆਂ ਨੂੰ ਕੰਟਰੋਲ ਕੀਤਾ, ਜਿਸ ਕਰਕੇ ਆਮ ਪਬਲਿਕ ਨੂੰ ਕੋਈ ਵੀ ਪ੍ਰੇਸ਼ਾਨੀ ਜਾਂ ਡਰ ਦਾ ਸਾਹਮਣਾ ਨਹੀਂ ਕਰਨਾ ਪਿਆ। ਉਨ੍ਹਾਂ ਕਿਹਾ ਕਿ ਸ: ਭੁਪਿੰਦਰ ਸਿੰਘ ਬਹੁਤ ਹੀ ਵਧੀਆ ਅਤੇ ਮਿੱਠੇ ਸੁਭਾਅ ਦੇ ਮਾਲਕ ਹਨ ਅਤੇ ਹਰ ਇਕ ਦੀ ਦੁੱਖ—ਸੁੱਖ ਪਿਆਰ ਨਾਲ ਸੁਣਦੇ ਹਨ। ਇਸ ਮੌਕੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਚੇਅਰਮੈਨ ਕੀਰਤੀ ਚੱਕ ਸੂਬੇਦਾਰ ਚਰਨ ਸਿੰਘ ਵੀ ਮੌਜੂਦ ਸਨ। ਲੋਕ ਭਲਾਈ ਆਰਮੀ ਗਰੁੱਪ ਇਲਾਕੇ ਵਿਚ ਵੱਡੀਆਂ ਸੇਵਾਵਾਂ ਕਰ ਰਿਹਾ ਹੈ ਅਤੇ ਲੋਕਾਂ ਦੀ ਸੇਵਾ ਵਿਚ 24 ਘੰਟੇ ਕੰਮ ਕਰਦਾ ਹੈ। ਸੰਸਥਾ ਵੱਲੋਂ ਐਮਰਜੈਂਸੀ ਐਬੂਲੈਂਸ ਸਰਵਿਸ, ਪੰਜਾਬ ਪੁਲਿਸ, ਆਰਮੀ ਦੇ ਬੱਚਿਆਂ ਨੂੰ ਟਰੇਨਿੰਗ ਅਤੇ ਹੋਰ ਬਹੁਤ ਸਾਰੀਆਂ ਸੇਵਾਵਾਂ ਸੰਸਥਾ ਵੱਲੋਂ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਸੰਸਥਾ ਦੇ ਹਰਜਿੰਦਰ ਸਿੰਘ ਖੋਸਾ, ਲਖਵੀਰ ਸਿੰਘ ਲੱਖਾ ਯੂ.ਐਸ.ਏ ਵੱਲੋਂ ਐਸ.ਐਸ.ਪੀ ਫ਼ਿਰੋਜ਼ਪੁਰ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੇ ਕਾਰਜਾਂ ਦੀ ਸ਼ਲਾਘਾ ਕੀਤੀ।


ਆਵਾਜ਼ਿ ਕੌਮ
AWAZE QAUM
International Newspaper & WEB TV
ਦਮਦਮੀ ਟਕਸਾਲ ਦੇ ਮੁਖੀ ਸ੍ਰੀਮਾਨ
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ
ਜਨਮ ਦਿਹਾੜੇ ਦੀਆਂ ਆਪ ਸਭ ਸੰਗਤਾਂ ਨੂੰ
ਲੱਖ ਲੱਖ ਵਧਾਈਆਂ ਹੋਣ ਜੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ: ਅਦਾਰਾ ਆਵਾਜ਼ਿ ਕੌਮ
ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ, ਯੂ. ਕੇ.


ਆਵਾਜ਼ਿ ਕੌਮ
AWAZE QAUM
International Newspaper & WEB TV
ਦਮਦਮੀ ਟਕਸਾਲ ਦੇ ਮੁਖੀ ਸ੍ਰੀਮਾਨ
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ
ਜਨਮ ਦਿਹਾੜੇ ਦੀਆਂ ਆਪ ਸਭ ਸੰਗਤਾਂ ਨੂੰ
ਲੱਖ ਲੱਖ ਵਧਾਈਆਂ ਹੋਣ ਜੀ
ਬਾਬਾ ਸੁਖਵੰਤ ਸਿੰਘ ਚੰਨਣਕੇ

ਸ਼ਹੀਦਾਂ ਸਿੰਘਾ ਦੀ ਯਾਦ ਵਿੱਚ

# ਪਿੰਡ ਸਠਿਆਲਾ ਅਤੇ ਵੀਲਾ ਵਿਖੇ ਦੀਵਾਨ ਸਜਾਇਆ

## ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ













**ਚੌਂਕ ਮਹਿਤਾ, 2 3ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ।ਜਿਸ ਦੇ ਚਲਦਿਆਂ ਅੱਜ ਪਿੰਡ ਸਠਿਆਲਾ ਗੁਰਦੁਆਰਾ ਨਾਨਕਸਰ ਅਤੇ ਪਿੰਡ ਵੀਲਾ ਦੇ ਗੁਰਦੁਆਰਾ ਸਾਹਿਬ ਵਿੱਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਲਵਪਰੀਤ ਸਿੰਘ, ਭਾਈ ਗੁਰਲਾਲ ਸਿੰਘ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ।ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਇਤਿਹਾਸ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ।ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਪਿੰਡ ਸਠਿਆਲਾ ਗੁਰਦੁਆਰਾ ਨਾਨਕਸਰ, ਅਤੇ ਵੀਲਾ ਦੀ ਪੰਚਾਇਤ, ਗੁਰਦੁਆਰਾ ਸਾਹਿਬ ਦੀ ਪ੍ਰਬੰਦਕ ਕਮੇਟੀ ਹੈਡ ਗਰੰਥੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਸਮੂਹ ਮੈਬਰ ਅਤੇ ਸੰਗਤਾਂ ਨੇ ਹਾਜਰੀਆ ਭਰੀਆਂ। ਇਸ ਮੌਕੇ ਤੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਗੁਰਪ੍ਰੀਤ ਸਿੰਘ ਵੈਦ ਗੁਰਦੁਆਰਾ ਰਾਮ ਥੰਮਨ ਖੁਜਾਲਾ, ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ, ਭਾਈ ਨਿਰਮਲ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ, ਸਰਪੰਚ ਹਰਜਿੰਦਰ ਸਿੰਘ ਜੱਜ,ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।


# ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸਮੂਹ ਸੰਗਤਾਂ ਮਹਾਪੁਰਖਾਂ ਨੂੰ ਗੁਲਦਸਤਾ ਦੇ ਕੇ ਖੁਸੀ ਪ੍ਰਾਪਤ ਕੀਤੀ




(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)


ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


GURDWARA BABA SANG JI
SHUKRANA
ARDAS
PROGRAMME
FROM ALL PRABANDHAKA AND
SEVADAR
GURDWARA BABA SANG JI
SMETHWICK
ARAMBH SRI AKHAND
PATH SAHIB
FRIDAY 23RD MAY 2025
10.30AM
BHOG SRI AKHAND PATH SAHIB
SUNDAY
25TH MAY 2025 10.00AM
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA BABA SANG JI,
7-9 ST PAUL'S ROAD, SMETHWICK, B66 1EE
FOR MORE INFO CONTACT: 0121 558 2681




## ਸ਼ਾਇਰ ਸ਼ੈਲੀ ਸੁਲਤਾਨ ਦੀ ਪੁਸਤਕ "ਵਲਵਲੇ" ਲੋਕ ਅਰਪਿਤ ਸਮਾਗਮ 25 ਨੂੰ




**ਚੌਕ ਮਹਿਤਾ, 23 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 40 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਪੰਜਾਬ ਦੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਨਾਮਵਰ ਸ਼ਾਇਰ ਸ਼ੈਲੀ ਸੁਲਤਾਨ ਦਾ ਕਾਵਿ ਸੰਗ੍ਰਹਿ "ਵਲਵਲੇ" ਦਾ ਲੋਕ ਅਰਪਿਤ ਸਮਾਗਮ ਮਿਤੀ 25 ਮਈ 2025, ਐਤਵਾਰ ਨੂੰ ਸਵੇਰੇ 9.30 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਵਿਖੇ ਕਰਵਾਇਆ ਜਾ ਰਿਹਾ ਹੈ ।ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਦੱਸਿਆ ਹੈ ਕਿ ਇਸ ਮੌਕੇ ਮਾਂ ਬੋਲੀ ਨੂੰ ਮਸਰਪਿਤ ਕਵੀ ਦਰਬਾਰ ਕਰਵਾਇਆ ਜਾਵੇਗਾ, ਜਿਸ ਵਿੱਚ ਪੰਜਾਬੀ ਜੁਬਾਨ ਦੇ ਨਾਮਵਰ ਸ਼ਾਇਰਾਂ ਵੱਲੋਂ ਕਵਿਤਾਵਾਂ ਪੜ੍ਹੀਆਂ ਜਾਣਗੀਆਂ ।ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਸਮੂਹ ਕਵੀਜਨਾਂ ਨੂੰ ਪੁਜਣ ਲਈ ਅਪੀਲ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਵਰਲਡ ਹਾਈਪਰਟੈਨਸ਼ਨ ਦਿਵਸ ਸਬੰਧੀ ਕਰਵਾਈਆਂ ਵੱਖ ਵੱਖ ਗਤੀਵਿਧੀਆਂ



**ਚੌਕ ਮਹਿਤਾ, 23 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਫੈਮਿਲੀ ਪਲੈਨਿੰਗ ਅਫਸਰ ਡਾ.ਨੀਲਮ ਭਗਤ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮੋਨਾ ਚਤਰਥ ਤਰਸਿੱਕਾ ਦੀ ਅਗਵਾਈ ਹੇਠ ਆਯੂਸ਼ਮਾਨ ਅਰੋਗਿਆ ਕੇਂਦਰ ਬੱਗਾ ਵਲੋਂ ਵਿਸ਼ਵ ਹਾਈਪਰਟੈਨਸ਼ਨ ਦਿਵਸ ਮਨਾਇਆ ਗਿਆ ਅਤੇ 17 ਮਈ ਤੋਂ ਲਗਾਤਾਰ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਗਈਆਂ, ਜਿਵੇਂ ਕਿ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ ਅਤੇ ਬੀਪੀ, ਸ਼ੂਗਰ ਦੇ ਮਰੀਜ਼ਾਂ ਨੂੰ ਸਕਰੀਨ ਕੀਤਾ ਗਿਆ ਫ੍ਰੀ ਦਵਾਈਆਂ ਵੰਡੀਆਂ ਗਈਆਂ। ਇਸ ਤੋਂ ਇਲਾਵਾ ਵੱਖ ਵੱਖ ਸਕੂਲਾਂ ਵਿਚ ਜਾ ਕੇ ਪੋਸਟਰ ਕੰਪੀਟੀਸ਼ਨ ਕਵਿਜ ਮੁਕਾਬਲਾ ਜਾਗਰੂਕਤਾ ਲੈਕਚਰ, ਸਾਈਕਲ ਰੈਲੀ ਆਦਿ ਗਤੀਵਿਧੀਆਂ ਕਰਵਾਈਆਂ ਗਈਆਂ। ਉਪਰੋਕਤ ਗਤੀਵਿਧੀਆਂ ਵਿੱਚ ਅਮਨਦੀਪ ਕੌਰ ਸੀਐਚਓ, ਸੁਖਚੈਨ ਸਿੰਘ ਸੈਦੋਲੇਹਲ ਹੈਲਥ ਵਰਕਰ, ਉਪਜੀਤ ਕੌਰ ਏਐਨਐਮ, ਆਸਾ ਵਰਕਰ ਅਤੇ ਸਕੂਲ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜਦ ਤੱਕ ਬਾਦਲ ਦਲ ਦਾ ਦਖ਼ਲ ਸ਼੍ਰੋਮਣੀ ਕਮੇਟੀ ਵਿੱਚ ਰਹੇਗਾ, ਇਥੇ ਕਿਸੇ ਪ੍ਰਬੰਧਕੀ ਤੇ ਧਾਰਮਿਕ ਸੁਧਾਰ ਦੀ ਆਸ ਨਹੀਂ ਕੀਤੀ ਜਾ ਸਕਦੀ : ਰਵੀਇੰਦਰ ਸਿੰਘ

**ਚੰਡੀਗੜ੍ਹ, 23 ਮਈ (ਆਵਾਜ਼ਿ ਕੌਮ ਬਿਊਰੋ)**-ਸ ਰਵੀਇੰਦਰ ਸਿੰਘ ਮੁਤਾਬਕ ਬਾਦਲਾਂ ਨੇ ਪੰਥ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ ਅਤੇ ਉਹ ਅਕਾਲ ਤਖਤ



ਸਾਹਿਬ ਦੇ ਜੱਥੇਦਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਿੱਖ ਅਤੇ ਪੰਜਾਬ ਦੀ ਰਾਜਨੀਤੀ ਵਿਚ ਕੁਝ ਜਗ੍ਹਾ ਬਣਾਉਣ ਲਈ ਵਰਤ ਰਿਹਾ ਹੈ, ਜੋ ਉਹ ਹਮੇਸ਼ਾ ਕਰਦਾ ਆ ਰਿਹਾ।ਜਥੇਦਾਰਾਂ ਦੀਆਂ ਨਿਯੁਕਤੀਆਂ ਸਬੰਧੀ ਵਿਧੀ ਵਿਧਾਨ ਬਣਾਉਣਾਂ ਸਮੇਂ ਦੀ ਮੁੱਖ ਲੋੜ ਹੈ। ਆਪਣੇ ਤਜ਼ਰਬੇ ਸਾਂਝੇ ਕਰਦਿਆਂ ਰਵੀਇੰਦਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀਹਵੀਂ ਸਦੀ ਦੇ ਆਰੰਭਕ ਦਹਾਕਿਆਂ ਵਿਚ ਸਿੱਖ ਪੰਥ ਵਿੱਚ ਪਸਰੀ ਗੁਰਦੁਆਰਾ ਸੁਧਾਰ ਲਹਿਰ ਦੀ ਦੇਣ ਹੈ।ਇਸ ਸੰਸਥਾ ਦੀ ਸਥਾਪਨਾ ਲਈ ਸਿੱਖਾਂ ਨੂੰ ਲੰਮਾ ਸਮਾਂ ਸੰਘਰਸ਼ ਕਰਨਾ ਪਿਆ ਸੀ ਪਰ ਕੌਮ ਨੂੰ ਅਜਿਹੇ ਦਿਨ ਵੀ ਵੇਖਣੇ ਪੈ ਰਹੇ ਹਨ।ਸ਼੍ਰੋਮਣੀ ਕਮੇਟੀ ਨੂੰ ਆਪਣੀ ਨਿੱਜ ਪ੍ਰਸਤੀ ਤੱਕ ਫੈਸਲੇ ਸੀਮਤ ਕੀਤੇ ਜਾ ਰਹੇ ਹਨ। ਉਨਾਂ ਕਿਹਾ ਕਿ ਮਰਿਆਦਾ ਤੋ ਹੱਟ ਕੇ ਕੀਤੀਆਂ ਜਾ ਰਹੀਆਂ ਅਜਿਹੀਆਂ ਪੰਥਕ ਵਿਰੋਧੀ ਕਾਰਵਾਈਆਂ ਕਰਕੇ ਵਿਸ਼ਵ ਭਰ ਦੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ।ਉਨਾਂ ਮੁਤਾਬਕ ਬਾਦਲ ਪਰਿਵਾਰ ਨੇ ਸਿੱਖੀ ਸਿਧਾਂਤਾਂ ਤੇ ਮਰਿਆਦਾ ਦੀ ਘੋਰ ਉਲੰਘਣਾ ਕੀਤੀ ਹੈ। ਸ੍ਰੀ ਅਕਾਲ ਤਖਤ ਦਾ ਪ੍ਰਬੰਧ ਸਿੱਖ ਸੰਗਤ ਕੋਲ ਨਾ ਹੋਣ ਕਰਕੇ ਅਤੇ ਜਥੇਦਾਰਾਂ ਦੇ ਨਿਯੁਕਤੀ, ਸੇਵਾ ਮੁਕਤੀ ਆਦਿ ਬਾਰੇ ਕੋਈ ਵਿਧੀ ਵਿਧਾਨ ਨਾ ਹੋਣ ਕਾਰਨ ਹੀ ਅੱਜ ਮੌਜੂਦਾ ਹਾਲਾਤ ਪੈਦਾ ਹੋਏ ਹਨ। ਇਸ ਕਾਰਨ ਸਿੱਖ ਸੰਗਤ ਵਿੱਚ ਭਾਰੀ ਰੋਸ ਹੈ।ਸਾਬਕਾ ਸਪੀਕਰ ਨੇ ਕਿਹਾ ਕਿ ਜਦ ਤੱਕ ਬਾਦਲ ਦਲ ਦਾ ਦਖ਼ਲ ਸ਼੍ਰੋਮਣੀ ਕਮੇਟੀ ਵਿੱਚ ਰਹੇਗਾ, ਇਥੇ ਕਿਸੇ ਪ੍ਰਬੰਧਕੀ ਤੇ ਧਾਰਮਿਕ ਸੁਧਾਰ ਦੀ ਆਸ ਨਹੀਂ ਕੀਤੀ ਜਾ ਸਕਦੀ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਦਾਦੂਵਾਲ ਅਤੇ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ

# ਬਾਦਲਕੇ ਬਹੁਮੱਤ ਨਾਲ ਪਛਾੜ ਕੇ ਬਣਾਈ 11 ਮੈਂਬਰੀ ਕਾਰਜ਼ਕਰਨੀ

**☛ 30 ਮੈਂਬਰਾਂ ਨੇ ਹੱਥ ਖੜ੍ਹੇ ਕਰਕੇ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨ ਚੁਣਿਆ ਸ.ਗੁਰਮੀਤ ਸਿੰਘ ਮੀਤਾ ਸੀਨੀਅਰ ਮੀਤ ਪ੍ਰਧਾਨ, ਸ.ਗੁਰਬੀਰ ਸਿੰਘ ਮੀਤ ਪ੍ਰਧਾਨ, ਸ.ਅੰਗਰੇਜ਼ ਸਿੰਘ ਜਨਰਲ ਸਕੱਤਰ, ਸ.ਬਲਵਿੰਦਰ ਸਿੰਘ ਸੰਯੁਕਤ ਸਕੱਤਰ ਬਣੇ ☛ ਸ.ਕਰਨੈਲ ਸਿੰਘ ਨਿੰਮਨਾਬਾਦ, ਸ.ਪਲਵਿੰਦਰ ਸਿੰਘ ਦਰੜ, ਸ.ਕੁਲਦੀਪ ਸਿੰਘ ਮੁਲਤਾਨੀ, ਸ.ਰੁਪਿੰਦਰ ਸਿੰਘ ਪੰਜੋਖਰਾ ਸਾਹਿਬ, ਸ.ਜਗਤਾਰ ਸਿੰਘ ਮਾਨ ਮਿੱਠੜੀ ਅਤੇ ਸ.ਤਜਿੰਦਰਪਾਲ ਸਿੰਘ ਕਾਰਜਕਾਰਨੀ ਕਮੇਟੀ ਦੇ ਮੈਂਬਰ ਬਣੇ।**








ਕੁਰੂਕਸ਼ੇਤਰ, 23 ਮਈ

ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੂੰ ਬਹੁਮੱਤ ਨਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁਖੀ ਚੁਣਿਆ ਗਿਆ ਹੈ। ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਪ੍ਰੋਟੇਮ ਚੇਅਰਮੈਨ ਸ. ਜੋਗਾ ਸਿੰਘ ਦੀ ਨਿਗਰਾਨੀ ਹੇਠ ਹੋਈਆਂ ਹਰਿਆਣਾ ਕਮੇਟੀ ਚੋਣਾਂ ਵਿੱਚ 48 ਮੈਂਬਰਾਂ ਨੇ ਹਿੱਸਾ ਲਿਆ, ਜਦੋਂ ਕਿ ਬੀਬੀ ਜਸਬੀਰ ਕੌਰ ਮਸਾਣਾ ਨੇ ਚੋਣ ਪ੍ਰਕਿਰਿਆ ਵਿੱਚ ਹਿੱਸਾ ਨਹੀਂ ਲਿਆ। ਸਭ ਤੋਂ ਪਹਿਲਾਂ ਹਰਿਆਣਾ ਕਮੇਟੀ ਦੇ ਮੈਂਬਰ ਸ.ਮੇਜਰ ਸਿੰਘ ਨੇ ਮੁਖੀ ਦੇ ਅਹੁਦੇ ਲਈ ਜਗਦੀਸ਼ ਸਿੰਘ ਝੀਂਡਾ ਦੇ ਨਾਮ ਦਾ ਐਲਾਨ ਕੀਤਾ। ਜਿਸ ਤੋਂ ਬਾਅਦ ਦੀਵਾਨ ਹਾਲ ਵਿੱਚ ਬੋਲੇ ? ?ਸੋ ਨਿਹਾਲ ਸਤ ਸ਼੍ਰੀ ਅਕਾਲ ਦੇ ਜੈਕਾਰਿਆਂ ਦੀ ਆਵਾਜ਼ ਗੂੰਜ ਉੱਠੀ। ਜਦੋਂ ਪ੍ਰੋਟੇਮ ਚੇਅਰਮੈਨ ਸ. ਜੋਗਾ ਸਿੰਘ ਨੇ ਪ੍ਰਧਾਨ ਦੇ ਅਹੁਦੇ ਲਈ ਕਿਸੇ ਹੋਰ ਦੇ ਨਾਮ ਦਾ ਐਲਾਨ ਕਰਨ ਦੀ ਗੱਲ ਕੀਤੀ ਤਾਂ ਥਾਨੇਸਰ ਤੋਂ ਮੈਂਬਰ ਸ. ਹਰਮਨਪ੍ਰੀਤ ਸਿੰਘ ਨੇ ਪ੍ਰਧਾਨ ਦੇ ਅਹੁਦੇ ਲਈ ਸ.ਪ੍ਰਕਾਸ਼ ਸਿੰਘ ਸਾਹੂਵਾਲ ਦੇ ਨਾਮ ਦਾ ਐਲਾਨ ਕੀਤਾ। ਪਰ ਹਰਿਆਣਾ ਕਮੇਟੀ ਦੇ ਕੋਆਪਟ ਮੈਂਬਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸਮੇਤ 30 ਮੈਂਬਰਾਂ ਨੇ ਜਥੇਦਾਰ ਜਗਦੀਸ਼ ਸਿੰਘ ਝੀਂਡਾ ਦੇ ਸਮਰਥਨ ਵਿੱਚ ਹੱਥ ਖੜੇ ਕਰਕੇ ਸਰਬਸੰਮਤੀ ਨਾਲ ਫੈਸਲਾ ਪ੍ਰਗਟ ਕੀਤਾ।

ਇਸ ਤੋਂ ਬਾਅਦ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵੇਂ ਚੁਣੇ ਗਏ ਮੁਖੀ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ 11 ਮੈਂਬਰੀ ਕਾਰਜਕਾਰੀ ਕਮੇਟੀ ਦਾ ਐਲਾਨ ਕੀਤਾ। ਉਨ੍ਹਾਂ ਨੇ ਸ. ਗੁਰਮੀਤ ਸਿੰਘ ਮੀਤਾ ਨੂੰ ਸੀਨੀਅਰ ਮੀਤ ਪ੍ਰਧਾਨ, ਸ.ਗੁਰਬੀਰ ਸਿੰਘ ਨੂੰ ਮੀਤ ਪ੍ਰਧਾਨ, ਸ.ਅੰਗਰੇਜ਼ ਸਿੰਘ ਨੂੰ ਜਨਰਲ ਸਕੱਤਰ, ਸ.ਬਲਵਿੰਦਰ ਸਿੰਘ ਨੂੰ ਸੰਯੁਕਤ ਸਕੱਤਰ ਚੁਣਿਆ ।ਜਦੋਂ ਕਿ ਸ.ਕਰਨੈਲ ਸਿੰਘ ਨਿਮਾਨਾਬਾਦ, ਸ.ਪਲਵਿੰਦਰ ਸਿੰਘ , ਸ.ਕੁਲਦੀਪ ਸਿੰਘ ਮੁਲਤਾਨੀ, ਸ.ਰੁਪਿੰਦਰ ਸਿੰਘ ਪੰਜੋਖਰਾ ਸਾਹਿਬ, ਸ.ਜਗਤਾਰ ਸਿੰਘ ਮਾਨ ਅਤੇ ਸ. ਤਜਿੰਦਰਪਾਲ ਸਿੰਘ ਨਾਰਨੌਲ ਨੂੰ ਕਾਰਜਕਾਰਨੀ ਮੈਂਬਰ ਚੁਣਿਆ ਗਿਆ। ਜਿਵੇਂ ਹੀ ਇਨ੍ਹਾਂ ਅਹੁਦੇਦਾਰਾਂ ਅਤੇ ਕਾਰਜਕਾਰੀ ਕਮੇਟੀ ਦੇ ਮੈਂਬਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ, ਦੀਵਾਨ ਹਾਲ ਵਿੱਚ ਮੌਜੂਦ 30 ਮੈਂਬਰਾਂ ਨੇ ਬੋਲੇ ? ?ਸੋ ਨਿਹਾਲ ਸਤ ਸ਼੍ਰੀ ਅਕਾਲ ਦੀ ਗੂੰਜ ਨਾਲ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਚੋਣ ਪ੍ਰਕਿਰਿਆ ਤੋਂ ਬਾਅਦ, ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਇਕੱਠ ਅਤੇ ਮੈਂਬਰਾਂ ਨੂੰ ਸੰਬੋਧਨ ਕੀਤਾ ਅਤੇ ਹਰਿਆਣਾ ਕਮੇਟੀ ਦੇ ਸੰਘਰਸ਼ ਦੀ ਕਹਾਣੀ ਦੇ ਕੁਝ ਪਲ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਕਿਵੇਂ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਹਰਿਆਣਾ ਕਮੇਟੀ ਦੇ ਵਜੂਦ ਵਿੱਚ ਰੁਕਾਵਟਾਂ ਖੜ੍ਹੀਆਂ ਕੀਤੀਆਂ। ਪਰ ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਲੰਬੇ ਸੰਘਰਸ਼ ਤੋਂ ਬਾਅਦ, ਹਰਿਆਣਾ ਕਮੇਟੀ ਹੁਣ ਪੂਰੀ ਤਰ੍ਹਾਂ ਹੋਂਦ ਵਿੱਚ ਆ ਗਈ ਹੈ।

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨ ਬਣਨ ਅਤੇ ਸਮੁੱਚੀ ਕਾਰਜਕਰਨੀ ਨੂੰ ਵਧਾਈ ਦਿੱਤੀ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੋਆਪਟ ਮੈਂਬਰ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਜਗਦੀਸ਼ ਸਿੰਘ ਝੀਂਡਾ ਨੂੰ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਹਰਿਆਣਾ ਕਮੇਟੀ ਦੀ ਪਹਿਲੀ ਚੋਣ ਪੂਰੀ ਹੋ ਗਈ ਹੈ ਅਤੇ ਇਹ ਇੱਕ ਖੁਸ਼ੀ ਅਤੇ ਸੁਨਹਿਰੀ ਪਲ ਹੈ ਕਿ ਪ੍ਰਧਾਨ ਜਗਦੀਸ਼ ਸਿੰਘ ਝੀਂਡਾ, ਜੋ ਲੰਬੇ ਸਮੇਂ ਤੋਂ ਆਪਣੀ ਆਵਾਜ਼ ਬੁਲੰਦ ਕਰ ਰਹੇ ਸਨ ਅਤੇ ਸੂਬੇ ਦੀ ਵੱਖਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਲੜ ਰਹੇ ਸਨ, ਇਸ ਦੇ ਪ੍ਰਧਾਨ ਬਣ ਗਏ ਹਨ। ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਜਥੇਦਾਰ ਦਾਦੂਵਾਲ ਜੀ ਸਮੇਤ ਸਾਰੇ ਮੈਂਬਰ ਸਹਿਬਾਨ ਦਾ ਧੰਨਵਾਦ ਕੀਤਾ ਝੀਂਡਾ ਜੀ ਨੇ ਕਿਹਾ

ਮੈਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵਾਂਗਾ ਉਨ੍ਹਾਂ ਕਿਹਾ ਕਿ ਲੰਬੇ ਸੰਘਰਸ਼ ਤੋਂ ਬਾਅਦ ਹਰਿਆਣਾ ਕਮੇਟੀ ਹੋਂਦ ਵਿੱਚ ਆਈ ਅਤੇ ਹੁਣ ਪਹਿਲੀ ਚੋਣ ਤੋਂ ਬਾਅਦ ਉਨ੍ਹਾਂ ਨੂੰ ਬਹੁਮਤ ਨਾਲ ਪ੍ਰਧਾਨ ਚੁਣਿਆ ਗਿਆ ਹੈ। ਉਹ ਗੁਰੂ ਘਰ ਦੀ ਸੇਵਾ ਪੂਰੀ ਸ਼ਰਧਾ ਨਾਲ ਕਰਣਗੇ।ਮੁਖੀ ਬਣਨ ਤੋਂ ਬਾਅਦ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫ਼ਤਰ ਪਹੁੰਚੇ। ਇੱਥੇ ਉਨ੍ਹਾਂ ਦਾ ਕੁਝ ਮੈਂਬਰਾਂ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਸਵਾਗਤ ਕੀਤਾ। ਜਗਦੀਸ਼ ਸਿੰਘ ਝੀਂਡਾ ਨੂੰ ਫੁੱਲਾਂ ਦਾ ਗੁਲਦਸਤਾ ਅਤੇ ਮਠਿਆਈਆਂ ਭੇਟ ਕਰਨ ਤੋਂ ਬਾਅਦ ਪ੍ਰਧਾਨ ਦੀ ਕੁਰਸੀ 'ਤੇ ਬਿਠਾਇਆ ਗਿਆ। ਇਸ ਤੋਂ ਬਾਅਦ ਹਰਿਆਣਾ ਕਮੇਟੀ ਦੇ ਮੁੱਖ ਸਕੱਤਰ ਸ.ਜਸਵਿੰਦਰ ਸਿੰਘ ਦੀਨਪੁਰ,ਧਰਮ ਪ੍ਰਚਾਰ ਸਕੱਤਰ ਸਰਬਜੀਤ ਸਿੰਘ ਜੰਮੂ,ਵਧੀਕ ਸਕੱਤਰ ਸ.ਰਾਜਪਾਲ ਸਿੰਘ ਦੁਨੀਆ ਮਾਜਰਾ,ਸ. ਸਤਪਾਲ ਸਿੰਘ ਡਾਚਰ,ਮੀਤ ਸਕੱਤਰ ਸ.ਅਮਰਿੰਦਰ ਸਿੰਘ ਅਤੇ ਸ.ਰੁਪਿੰਦਰ ਸਿੰਘ ਨੇ ਵੀ ਪ੍ਰਧਾਨ ਜੀ ਦਾ ਸਵਾਗਤ ਕੀਤਾ।